ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 2 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੧੯ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## 'ਯੁੱਧ ਨਸ਼ੇ ਵਿਰੁੱਧ' : ਪੰਜਾਬ 'ਚ ਪੁਲਸ ਨੇ ਵੱਡੇ ਪੱਧਰ 'ਤੇ ਚਲਾਈ ਮੁਹਿੰਮ

# 290 ਤਸਕਰਾਂ 'ਤੇ ਹੋਈ ਵੱਡੀ ਕਾਰਵਾਈ

**ਚੰਡੀਗੜ੍ਹ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ 'ਯੁੱਧ ਨਸ਼ਿਆਂ ਦੇ ਵਿਰੁੱਧ' ਛੇੜਨ ਤੋਂ ਇਕ ਦਿਨ ਬਾਅਦ ਪੰਜਾਬ ਪੁਲਸ ਵੱਲੋਂ ਅੱਜ ਸੂਬੇ ਭਰ ਵਿੱਚ ਪਛਾਣੇ ਗਏ ਡਰੱਗ ਹੌਟਸਪੌਟਸ ਨਸ਼ਿਆਂ ਅਤੇ ਸਾਈਕੋਟਰੋਪਿਕ ਪਦਾਰਥਾਂ ਦੀ ਵਿਕਰੀ ਵਾਲੀਆਂ ਥਾਵਾਂ 'ਤੇ ਵਿਆਪਕ ਸੂਬਾ ਪੱਧਰੀ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ (ਸੀ. ਏ.ਐੱਸ.ਓ.) ਚਲਾਈ ਗਈ। ਇਸ ਆਪਰੇਸ਼ਨ ਦੌਰਾਨ 232 ਐੱਫ. ਆਈ. ਆਰਜ਼. ਦਰਜ ਕਰਕੇ 290 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ. ਜੀ. ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ। ਚਾਰ ਘੰਟੇ ਚੱਲੇ ਇਸ ਆਪ੍ਰੇਸ਼ਨ ਦੌਰਾਨ 8.14 ਕਿਲੋਗ੍ਰਾਮ ਹੈਰੋਇਨ, 1.21 ਕਿਲੋਗ੍ਰਾਮ ਅਫੀਮ, 3.5 ਕਿਲੋਗ੍ਰਾਮ ਗਾਂਜਾ, 19 ਕਿਲੋਗ੍ਰਾਮ ਭੁੱਕੀ, 700 ਗ੍ਰਾਮ ਚਰਸ, 16,238 ਨਸ਼ੀਲੀਆਂ ਗੋਲ਼ੀਆਂ/ਕੈਪਸੂਲ/ਟੀਕੇ ਅਤੇ 8.02 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਹੈ। ਇਹ ਆਪ੍ਰੇਸ਼ਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਸ ਨੂੰ ਆਉਣ ਵਾਲੇ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਮੁਕੰਮਲ ਤੌਰ 'ਤੇ ਨਸ਼ਾ ਮੁਕਤ ਸੂਬਾ ਬਣਾਉਣ ਸਬੰਧੀ ਹੁਕਮ ਦੇਣ ਤੋਂ ਇੱਕ ਦਿਨ ਬਾਅਦ ਚਲਾਇਆ ਗਿਆ ਹੈ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਡੀ. ਜੀ. ਪੀ. ਪੰਜਾਬ ਗੌਰਵ ਯਾਦਵ, ਜੋ ਨਿੱਜੀ ਤੌਰ 'ਤੇ ਇਸ ਸੂਬਾ ਪੱਧਰੀ ਆਪ੍ਰੇਸ਼ਨ ਦੀ ਨਿਗਰਾਨੀ ਕਰ ਰਹੇ ਸਨ, ਨੇ ਦੱਸਿਆ ਕਿ ਇਹ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਈ ਗਈ ਅਤੇ ਪੰਜਾਬ ਪੁਲਸ ਹੈੱਡਕੁਆਰਟਰ, ਚੰਡੀਗੜ੍ਹ ਤੋਂ ਸਪੈਸ਼ਲ ਡੀ.ਜੀ.ਪੀ./ਏ.ਡੀ.ਜੀ.ਪੀ./ਆਈ. ਜੀ. ਪੀ/ਡੀ. ਆਈ. ਜੀ. ਰੈਂਕ ਦੇ ਅਧਿਕਾਰੀ ਹਰੇਕ ਪੁਲਸ ਜ਼ਿਲ੍ਹੇ ਵਿੱਚ ਇਸ ਆਪ੍ਰੇਸ਼ਨ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਲਈ ਤਾਇਨਾਤ ਕੀਤੇ ਗਏ ਸਨ।



## ਅਜਿਹੇ ਆਪ੍ਰੇਸ਼ਨ ਰਾਜ ਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹਿਣਗੇ

ਸਪੈਸ਼ਲ ਡੀ. ਜੀ. ਪੀ. ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ, ਜੋਕਿ ਐੱਸ. ਏ. ਐੱਸ. ਨਗਰ ਦੇ ਬਲੌਂਗੀ ਵਿਖੇ ਸੀਨੀਅਰ ਸੁਪਰਡੈਂਟ ਆਫ਼ ਪੁਲਸ (ਐੱਸ. ਐੱਸ. ਪੀ) ਦੀਪਕ ਪਾਰੀਕ ਨਾਲ ਖੁਦ ਅਗਵਾਈ ਕਰਨ ਪਹੁੰਚੇ ਸਨ, ਨੇ ਕਿਹਾ ਕਿ ਸੀਪੀਜ਼/ਐੱਸ. ਐੱਸ.ਪੀਜ਼ ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਇਸ ਅਪ੍ਰੇਸ਼ਨ ਦੀ ਯੋਜਨਾ ਬਣਾਉਣ ਅਤੇ ਅਜਿਹੇ ਖੇਤਰਾਂ ਵਿੱਚ ਛਾਪੇ ਮਾਰਨ ਲਈ ਕਿਹਾ ਗਿਆ ਸੀ, ਜੋ ਪੁਲਸ ਫੋਰਸ ਦੀ ਭਾਰੀ ਤਾਇਨਾਤੀ ਦੇ ਬਾਵਜੂਦ ਨਸ਼ਾ ਤਸਕਰਾਂ ਦੀ ਪਨਾਹਗਾਹ/ਸੁਰੱਖਿਅਤ ਛੁਪਣਗਾਹ ਬਣ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਪੁਲਿਸ ਨੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ ਅਤੇ ਅਜਿਹੇ ਆਪ੍ਰੇਸ਼ਨ ਰਾਜ ਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹਿਣਗੇ। ਸਪੈਸ਼ਲ ਡੀ. ਜੀ. ਪੀ. ਨੇ ਦੱਸਿਆ ਕਿ 233 ਗਜ਼ਿਟਡ ਅਧਿਕਾਰੀਆਂ ਦੀ ਨਿਗਰਾਨੀ ਹੇਠ 8368 ਤੋਂ ਵੱਧ ਪੁਲਸ ਕਰਮੀਆਂ ਦੀ ਨਫ਼ਰੀ ਵਾਲੀਆਂ 900 ਤੋਂ ਵੱਧ ਪੁਲਿਸ ਟੀਮਾਂ ਨੇ ਲਗਭਗ 369 ਡਰੱਗ ਹੌਟਸਪੌਟਾਂ 'ਤੇ ਤਲਾਸ਼ੀ ਕੀਤੀ ਹੈ ਅਤੇ 798 ਖੇਤਰਾਂ ਵਿੱਚ ਛਾਪੇ ਮਾਰੇ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ 2000 ਤੋਂ ਵੱਧ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਅਤੇ 27 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਹੈ, ਜਦੋਂ ਕਿ ਪੰਜ ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਕਾਰਵਾਈ ਦੌਰਾਨ ਗ੍ਰਿਫਤਾਰ ਕੀਤਾ ਗਿਆ ਹੈ। ਖੇਤਰ ਵਿੱਚ ਜਾਣ ਵਾਲੇ ਹੋਰ ਅਧਿਕਾਰੀਆਂ ਵਿੱਚ ਸਪੈਸ਼ਲ ਡੀ. ਜੀ. ਪੀ. ਪੀ. ਐੱਸ. ਪੀ. ਸੀ. ਐੱਲ. ਡਾ. ਜਤਿੰਦਰ ਜੈਨ, ਏ. ਡੀ. ਜੀ. ਪੀ. ਟਰੈਫਿਕ ਏ. ਐੱਸ. ਰਾਏ, ਏ. ਡੀ. ਜੀ. ਪੀ. ਕਾਨੂੰਨ ਅਤੇ ਵਿਵਸਥਾ ਐੱਸ. ਪੀ. ਐੱਸ. ਪਰਮਾਰ, ਏ.ਡੀ.ਜੀ.ਪੀ. ਸਟੇਟ ਆਰਮਡ ਫੋਰਸਿਜ਼ ਐੱਮ. ਐੱਫ਼. ਫਾਰੂਕੀ, ਏ. ਡੀ. ਜੀ. ਪੀ. ਅੰਦਰੂਨੀ ਸੁਰੱਖਿਆ ਸ਼ਿਵ ਕੁਮਾਰ ਵਰਮਾ, ਅਤੇ ਆਈ. ਜੀ. ਪੀ. ਟੈਕਨੀਕਲ ਸਪੋਰਟ ਸਰਵਿਸਿਜ਼ ਪ੍ਰਦੀਪ ਕੁਮਾਰ ਯਾਦਵ, ਆਈ. ਜੀ. ਪੀ. ਇੰਟੈਲੀਜੈਂਸ ਬਾਬੂ ਲਾਲ ਮੀਨਾ, ਆਈ. ਜੀ. ਪੀ. ਜੀ. ਆਰ. ਪੀ. ਪੰਜਾਬ ਬਲਜੋਤ ਸਿੰਘ ਰਾਠੌਰ ਅਤੇ ਆਈ. ਜੀ. ਪੀ. ਗੁਰਦਿਆਲ ਸਿੰਘ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਰਾਜ ਸਰਕਾਰ ਨੇ ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਨੁਕਾਤੀ ਰਣਨੀਤੀ- ਇਨਫੋਰਸਮੈਂਟ, ਡੈੱਡਿਕਸ਼ਨ ਐਂਡ ਪ੍ਰੀਵੈਨਸ਼ਨ (ਈ. ਡੀ. ਪੀ) ਲਾਗੂ ਕੀਤੀ ਹੈ।




## ਜਾਬ 'ਚ ਵਾਪਰਿਆ ਵੱਡਾ ਹਾਦਸਾ, ਇਕੋ ਪਰਿਵਾਰ ਦੇ ਪੰਜ ਜੀਆਂ ਦੀ ਮੌਤ

**ਤਰਨਤਾਰਨ , 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਅਧੀਨ ਆਉਂਦੇ ਪਿੰਡ ਪੰਡੋਰੀ ਗੋਲਾ ਵਿਖੇ ਸੋਗ ਪਰਸ ਗਿਆ ਹੈ। ਦਰਅਸਲ ਇਕ ਘਰ ਦੀ ਛੱਤ ਡਿੱਗਣ ਕਰਕੇ ਪਰਿਵਾਰ ਦੇ ਪੰਜ ਮੈਂਬਰਾਂ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਹਾਦਸੇ ਸ਼ਿਕਾਰ 'ਚ ਪਤੀ-ਪਤਨੀ ਅਤੇ ਤਿੰਨ ਬੱਚੇ ਹੋਏ। ਹਾਦਸੇ ਤੋਂ ਬਾਅਦ ਥਾਣਾ ਸਦਰ ਦੀ ਪੁਲਸ ਅਤੇ ਪਿੰਡ ਵਾਸੀਆਂ ਵੱਲੋਂ ਛੱਤ ਦੇ ਮਲਬੇ ਹੇਠਾਂ ਫਸੇ ਪੰਜਾਂ ਜੀਆਂ ਨੂੰ ਬਾਹਰ ਕੱਢ ਕੇ ਹਸਪਤਾਲ ਪਹੁੰਚਾਇਆ ਗਿਆ ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਇਸ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਤਰਨਤਾਰਨ ਦੇ ਸਦਰ ਥਾਣੇ ਦੀ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਘਟਨਾ ਦੀ ਜਾਂਚ ਕਰ ਰਹੀ ਹੈ। ਉੱਥੇ ਹੀ ਦੂਜੇ ਪਾਸੇ ਪੂਰੇ ਇਲਾਕੇ 'ਚ ਸੋਗ ਪਸਰ ਗਿਆ।

## ਬੱਚਿਆਂ ਨਾਲ ਭਰੀ ਸਕੂਲ ਬੱਸ 'ਤੇ ਡਿੱਗਿਆ ਖੰਭਾ

**ਜਲੰਧਰ , 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਉਸ ਸਮੇਂ ਹੜ੍ਹਫ਼ੜਾ-ਦਫੜੀ ਮਚ ਗਈ, ਜਦੋਂ ਬੱਚਿਆਂ ਨਾਲ ਭਰੀ ਇਕ ਸਕੂਲ ਬੱਸ ਨਾਲ ਇਕ ਵੱਡਾ ਹਾਦਸਾ ਵਾਪਰ ਗਿਆ। ਜਾਣਕਾਰੀ ਅਨੁਸਾਰ ਪਿੰਡ ਬੱਲਾਂ ਨੇੜੇ ਇਕ ਬਿਜਲੀ ਦਾ ਖੰਭਾ ਟੁੱਟ ਕੇ ਸਕੂਲੀ ਬੱਚਿਆਂ ਨਾਲ ਭਰੀ ਬੱਸ ਉੱਤੇ ਡਿੱਗ ਪਿਆ। ਇਸ ਦੌਰਾਨ ਗਨੀਨਤ ਇਹ ਰਹੀ ਕਿ ਖੰਭੇ ਤੋਂ ਕਰੰਟ ਬੱਸ ਤੱਕ ਨਹੀਂ ਪਹੁੰਚ ਸਕਿਆ, ਜਿਸ ਕਾਰਨ ਇਕ ਵੱਡਾ ਹਾਦਸਾ ਟਲ ਗਿਆ। ਦੱਸਿਆ ਜਾ ਰਿਹਾ ਹੈ ਕਿ ਇਸ ਘਟਨਾ ਤੋਂ ਬਾਅਦ ਪਿੰਡ ਵਿੱਚ ਬਿਜਲੀ ਸਪਲਾਈ 4 ਘੰਟੇ ਬੰਦ ਰਹੀ।

## ਚਮੋਲੀ 'ਚ ਬਰਫ 'ਚ ਫਸੇ 46 ਮਜ਼ਦੂਰ ਕੱਢੇ ਬਾਹਰ, 4 ਦੀ ਮੌਤ



**ਦੇਹਰਾਦੂਨ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤ-ਚੀਨ ਸਰਹੱਦ 'ਤੇ ਸ਼ੁੱਕਰਵਾਰ (28 ਫਰਵਰੀ) ਨੂੰ ਉੱਤਰਾਖੰਡ ਦੇ ਸਰਹੱਦੀ ਜ਼ਿਲ੍ਹੇ ਚਮੋਲੀ ਵਿੱਚ ਹੋਈ ਬਰਫ਼ਬਾਰੀ ਨੇ ਬਹੁਤ ਸਾਰੇ ਮਜ਼ਦੂਰਾਂ ਦੀਆਂ ਜਾਨਾਂ ਨੂੰ ਖ਼ਤਰੇ ਵਿੱਚ ਪਾ ਦਿੱਤਾ ਹੈ। ਇਹ ਹਾਦਸਾ ਮਾਨਾ ਨੇੜੇ ਵਾਪਰਿਆ, ਜਿੱਥੇ ਉਸਾਰੀ ਦੇ ਕੰਮ ਵਿੱਚ ਲੱਗੇ ਮਜ਼ਦੂਰ ਬਰਫੀਲੇ ਤੂਫ਼ਾਨ ਵਿੱਚ ਫਸ ਗਏ। ਪ੍ਰਸ਼ਾਸਨ ਅਤੇ ਬਚਾਅ ਟੀਮਾਂ ਨੇ ਤੁਰੰਤ ਰਾਹਤ ਕਾਰਜ ਸ਼ੁਰੂ ਕਰ ਦਿੱਤੇ। ਬਚਾਅ ਟੀਮਾਂ ਨੇ ਹੁਣ ਤੱਕ 46 ਮਜ਼ਦੂਰਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਹੈ, ਜਦੋਂ ਕਿ ਚਾਰ ਮਜ਼ਦੂਰਾਂ ਦੀ ਮੌਤ ਹੋ ਗਈ ਹੈ। ਪੰਜ ਮਜ਼ਦੂਰ ਅਜੇ ਵੀ ਲਾਪਤਾ ਹਨ ਅਤੇ ਉਨ੍ਹਾਂ ਦੀ ਭਾਲ ਲਈ ਬਚਾਅ ਕਾਰਜ ਜਾਰੀ ਹੈ। ਬਰਫ਼ਬਾਰੀ ਦੇ ਮੱਦੇਨਜ਼ਰ ਪ੍ਰਸ਼ਾਸਨ ਨੇ ਗੌਚਰ ਹਵਾਈ ਪੱਟੀ ਨੂੰ ਅਲਰਟ ਮੋਡ 'ਤੇ ਰੱਖਿਆ ਹੈ। ਪੁਲਿਸ, ਸਿਹਤ ਵਿਭਾਗ, ਫਾਇਰ ਬ੍ਰਿਗੇਡ ਅਤੇ ਹੋਰ ਟੀਮਾਂ ਉੱਥੇ ਬਚਾਅ ਅਤੇ ਰਾਹਤ ਕਾਰਜਾਂ ਲਈ ਤਾਇਨਾਤ ਹਨ। ਐਸਡੀਐਮ ਸੰਤੋਸ਼ ਕੁਮਾਰ ਪਾਂਡੇ ਖੁਦ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ।

**ਹਾਲੇ ਕਿੱਥੇ-ਕਿਥੇ ਹਨ ਮਜ਼ਦੂਰ**

- ☛ ਆਰਮੀ ਹਸਪਤਾਲ ਵਿੱਚ 26 ਮਜ਼ਦੂਰਾਂ ਦਾ ਇਲਾਜ ਚੱਲ ਰਿਹਾ ਹੈ।
- ☛ ਬਦਰੀਨਾਥ ਧਾਮ ਵਿੱਚ ITBP ਤੇ ਆਰਮੀ ਕੈਂਪ ਵਿੱਚ 22 ਮਜ਼ਦੂਰ ਸੁਰੱਖਿਅਤ ਹਨ।
- ☛ ਪੂਰੀ ਘਟਨਾ ਵਿੱਚ 5 ਮਜ਼ਦੂਰ ਅਜੇ ਵੀ ਲਾਪਤਾ ਹਨ।
- ☛ ਇਸ ਪੂਰੇ ਹਾਦਸੇ ਵਿੱਚ ਹੁਣ ਤੱਕ 4 ਲੋਕਾਂ ਦੀ ਮੌਤ ਹੋ ਚੁੱਕੀ ਹੈ।

ਭਾਰਤੀ ਫੌਜ ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ ਅਤੇ ਇੰਡੋ-ਤਿੱਬਤੀ ਬਾਰਡਰ ਪੁਲਿਸ ਦੀਆਂ ਟੀਮਾਂ ਲਗਾਤਾਰ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਹਨ। ਚਮੋਲੀ ਜ਼ਿਲ੍ਹੇ ਵਿੱਚ ਖਰਾਬ ਮੌਸਮ ਅਤੇ ਭਾਰੀ ਬਰਫ਼ਬਾਰੀ ਦੀ ਸੰਭਾਵਨਾ ਦੇ ਕਾਰਨ ਬਚਾਅ ਕਾਰਜਾਂ ਨੂੰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਖਰਾਬ ਮੌਸਮ ਦੇ ਬਾਵਜੂਦ ਸੈਨਿਕ ਪੂਰੀ ਲਗਨ ਨਾਲ ਰਾਹਤ ਕਾਰਜਾਂ ਵਿੱਚ ਲੱਗੇ ਹੋਏ ਹਨ। ਦੇਹਰਾਦੂਨ ਦੇ ਪੀਆਰਓ ਡਿਫੈਂਸ, ਲੈਫਟੀਨੈਂਟ ਕਰਨਲ ਮਨੀਸ਼ ਸ਼੍ਰੀਵਾਸਤਵ ਨੇ ਕਿਹਾ ਕਿ ਹੁਣ ਤੱਕ ਚਾਰ ਮਜ਼ਦੂਰਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਹਨ। ਬਚਾਅ ਟੀਮ ਪੰਜ ਹੋਰ ਲਾਪਤਾ ਕਾਮਿਆਂ ਦੀ ਭਾਲ ਵਿੱਚ ਲੱਗੀ ਹੋਈ ਹੈ।

## ਟਰੰਪ ਨਾਲ ਟਕਰਾਅ ਤੋਂ ਬਾਅਦ ਜ਼ੇਲੇਂਸਕੀ ਨੂੰ ਸ਼ੈਅ ਦੇ ਰਹੇ ਨੇ ਦੂਜੇ ਦੇਸ਼, ਕਿਹਾ- ਫਿਕਰ ਨਾ ਕਰੋ ਤੁਸੀਂ ਇਕੱਲੇ ਨਹੀਂ ਹੋ, ਬਹਾਦਰ ਬਣੋ.....

**ਵਾਸ਼ਿੰਗਟਨ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਦੁਨੀਆ ਨੇ ਦੇਖਿਆ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਯੂਕਰੇਨੀ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਵਿਚਕਾਰ ਓਵਲ ਦਫ਼ਤਰ ਵਿੱਚ ਕੀ ਹੋਇਆ। ਝਗੜੇ ਤੋਂ ਬਾਅਦ ਸ਼ਾਂਤੀ ਸਮਝੌਤਾ ਖਰਾਬ ਹੋ ਗਿਆ ਹੈ। ਵ੍ਹਾਈਟ ਹਾਊਸ ਵਿਖੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਵਿਚਕਾਰ ਹੋਈ ਗਰਮ ਬਹਿਸ ਤੋਂ ਬਾਅਦ ਯੂਰਪੀਅਨ ਨੇਤਾਵਾਂ ਨੇ ਜ਼ੇਲੇਂਸਕੀ ਦਾ ਸਮਰਥਨ ਕੀਤਾ ਹੈ।




**ਇਹ ਦੇਸ਼ ਯੂਕਰੇਨ ਦੇ ਸਮਰਥਨ ਵਿੱਚ ਖੜ੍ਹੇ ਹੋਏ :** ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਨੇ ਰੂਸ ਨੂੰ ਹਮਲਾਵਰ ਕਿਹਾ ਤੇ ਕਿਹਾ, 'ਰੂਸ ਹਮਲਾਵਰ ਹੈ, ਅਤੇ ਯੂਕਰੇਨ ਇੱਕ ਪੀੜਤ ਦੇਸ਼ ਹੈ।' ਉਨ੍ਹਾਂ ਇਹ ਵੀ ਕਿਹਾ ਕਿ ਯੂਕਰੇਨ ਆਪਣੀ ਇੱਜ਼ਤ, ਆਜ਼ਾਦੀ, ਆਪਣੇ ਬੱਚਿਆਂ ਅਤੇ ਯੂਰਪ ਦੀ ਸੁਰੱਖਿਆ ਲਈ ਲੜ ਰਿਹਾ ਹੈ। ਜਰਮਨ ਚਾਂਸਲਰ ਓਲਾਫ ਸਕੋਲਜ਼ ਨੇ ਭਰੋਸਾ ਦਿੱਤਾ ਕਿ ਯੂਕਰੇਨ ਜਰਮਨੀ ਤੇ ਯੂਰਪ 'ਤੇ ਭਰੋਸਾ ਕਰ ਸਕਦਾ ਹੈ। ਸਪੇਨ ਅਤੇ ਪੋਲੈਂਡ ਦੇ ਪ੍ਰਧਾਨ ਮੰਤਰੀਆਂ ਨੇ ਵੀ ਜ਼ੇਲੇਂਸਕੀ ਨਾਲ ਇਕਜੁੱਟਤਾ ਪ੍ਰਗਟ ਕਰਦੇ ਹੋਏ ਕਿਹਾ: "ਤੁਸੀਂ ਇਕੱਲੇ ਨਹੀਂ ਹੋ।" ਯੂਰਪੀਅਨ ਕਮਿਸ਼ਨ ਦੀ ਪ੍ਰਧਾਨ ਉਰਸੁਲਾ ਵਾਨ ਡੇਰ ਲੇਅਨ ਨੇ ਜਵਾਬ ਦਿੱਤਾ: "ਪਿਆਰੇ ਰਾਸ਼ਟਰਪਤੀ, ਤੁਸੀਂ ਕਦੇ ਵੀ ਇਕੱਲੇ ਨਹੀਂ ਹੁੰਦੇ।" "ਤੁਹਾਡੀ ਸ਼ਾਨ ਯੂਕਰੇਨੀ ਲੋਕਾਂ ਦੀ ਬਹਾਦਰੀ ਦਾ ਸਨਮਾਨ ਕਰਦੀ ਹੈ। ਮਜ਼ਬੂਤ ? ?ਬਣੋ, ਬਹਾਦਰ ਬਣੋ, ਨਿਡਰ ਬਣੋ। ਅਸੀਂ ਤੁਹਾਡੇ ਨਾਲ ਇੱਕ ਨਿਆਂਪੂਰਨ ਅਤੇ ਸਥਾਈ ਸ਼ਾਂਤੀ ਲਈ ਕੰਮ ਕਰਨਾ ਜਾਰੀ ਰੱਖਾਂਗੇ," ਇਟਲੀ ਦੇ ਪ੍ਰਧਾਨ ਮੰਤਰੀ ਜੌਰਜੀਓ ਮੇਲੋਨੀ ਨੇ ਸੰਯੁਕਤ ਰਾਜ ਅਮਰੀਕਾ, ਯੂਰਪੀ ਰਾਜਾਂ ਅਤੇ ਸਹਿਯੋਗੀਆਂ ਵਿਚਕਾਰ ਇੱਕ ਜ਼ਰੂਰੀ ਸਿਖਰ ਸੰਮੇਲਨ ਦਾ ਸੱਦਾ ਦਿੱਤਾ ਤਾਂ ਜੋ ਅਸੀਂ ਅੱਜ ਦੀਆਂ ਵੱਡੀਆਂ ਚੁਣੌਤੀਆਂ ਨਾਲ ਕਿਵੇਂ ਨਜਿੱਠਣ ਦਾ ਇਰਾਦਾ ਰੱਖਦੇ ਹਾਂ, ਇਸ ਬਾਰੇ ਖੁੱਲ੍ਹ ਕੇ ਗੱਲ ਕੀਤੀ ਜਾ ਸਕੇ। ਨਾਰਵੇ ਦੇ ਪ੍ਰਧਾਨ ਮੰਤਰੀ ਜੋਨਾਸ ਗਹਿਰ ਨੇ ਸ਼ੁੱਕਰਵਾਰ ਨੂੰ ਵ੍ਹਾਈਟ ਹਾਊਸ ਵਿੱਚ ਹੋਈ ਘਟਨਾ ਨੂੰ ਗੰਭੀਰ ਅਤੇ ਨਿਰਾਸ਼ਾਜਨਕ ਦੱਸਿਆ।

**ਟਰੰਪ ਨੇ ਵੱਡੀ ਕਾਰਵਾਈ ਕੀਤੀ :** ਇਸ ਘਟਨਾ ਤੋਂ ਬਾਅਦ, ਅਮਰੀਕੀ ਅਧਿਕਾਰੀਆਂ ਨੇ ਯੂਕਰੇਨ ਨੂੰ ਦਿੱਤੀ ਜਾ ਰਹੀ ਸਹਾਇਤਾ ਵਿੱਚ ਸੰਭਾਵਿਤ ਧੋਖਾਧੜੀ ਤੇ ਦੁਰਵਰਤੋਂ ਦੀ ਜਾਂਚ ਤੇਜ਼ ਕਰਨ ਦਾ ਫੈਸਲਾ ਕੀਤਾ ਹੈ। ਐਲੋਨ ਮਸਕ ਤੇ ਉਨ੍ਹਾਂ ਦਾ 'ਸਰਕਾਰੀ ਕੁਸ਼ਲਤਾ ਵਿਭਾਗ' ਪਹਿਲਾਂ ਹੀ ਇਨ੍ਹਾਂ ਮਾਮਲਿਆਂ ਦੀ ਜਾਂਚ ਕਰ ਰਹੇ ਸਨ, ਪਰ ਹੁਣ ਇਨ੍ਹਾਂ ਯਤਨਾਂ ਨੂੰ ਤੇਜ਼ ਕੀਤਾ ਜਾਵੇਗਾ।

**ਜ਼ੇਲੇਂਸਕੀ 'ਤੇ ਅਮਰੀਕਾ ਦਾ ਅਪਮਾਨ ਕਰਨ ਦਾ ਦੋਸ਼ :** ਉਪ-ਰਾਸ਼ਟਰਪਤੀ ਜੇਡੀ ਵੈਂਸ ਨੇ ਜ਼ੇਲੇਂਸਕੀ 'ਤੇ ਅਮਰੀਕਾ ਦਾ ਅਪਮਾਨ ਕਰਨ ਦਾ ਦੋਸ਼ ਲਗਾਇਆ। ਇਸ ਲਈ ਟਰੰਪ ਨੇ ਯੂਕਰੇਨੀ ਰਾਸ਼ਟਰਪਤੀ ਨੂੰ ਕਈ ਵਾਰ ਰੋਕਿਆ ਅਤੇ ਝਿੜਕਿਆ। ਟਰੰਪ ਨੇ ਜ਼ੇਲੇਂਸਕੀ 'ਤੇ ਤੀਜੇ ਵਿਸ਼ਵ ਯੁੱਧ 'ਤੇ ਜੂਆ ਖੇਡਣ ਦਾ ਵੀ ਦੋਸ਼ ਲਗਾਇਆ। ਇਸ ਤੋਂ ਬਾਅਦ, ਗੁੱਸੇ ਵਿੱਚ ਆਏ ਜ਼ੇਲੇਂਸਕੀ ਨੂੰ ਤੇਜ਼ ਕਦਮਾਂ ਨਾਲ ਬਾਹਰ ਨਿਕਲਦੇ ਦੇਖਿਆ ਗਿਆ।

## ਜੱਗੂ ਭਗਵਾਨਪੁਰੀਆ ਗੈਂਗ ਦਾ ਮੈਂਬਰ ਗ੍ਰਿਫਤਾਰ, 6 ਪਿਸਤੌਲ, 10 ਕਾਰਤੂਸ ਬਰਾਮਦ




**ਅੰਮ੍ਰਿਤਸਰ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਜ਼ਿਲ੍ਹੇ ਅੰਮ੍ਰਿਤਸਰ ਤੋਂ ਵੱਡੀ ਖਬਰ ਆ ਰਹੀ ਹੈ। ਦੱਸ ਦੇਈਏ ਕਿ ਸ਼ਹਿਰ ਦੀ ਕਾਊਂਟਰ ਇੰਟੈਲੀਜੈਂਸ ਟੀਮ ਨੇ ਇੱਕ ਖੁਫੀਆ ਕਾਰਵਾਈ ਤਹਿਤ ਇੱਕ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਦੇ ਇੱਕ ਮੈਂਬਰ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਨੇ ਜੱਗੂ ਭਗਵਾਨਪੁਰੀਆ ਗੈਂਗ ਨਾਲ ਜੁੜੇ ਗੁਰਬਾਜ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਨੇ ਉਸ ਕੋਲੋਂ ਛੇ .32 ਬੋਰ ਪਿਸਤੌਲ ਅਤੇ ਦਸ ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਹਥਿਆਰ ਅਪਰਾਧਿਕ ਗਤੀਵਿਧੀਆਂ ਲਈ ਮੱਧ ਪ੍ਰਦੇਸ਼ ਤੋਂ ਪੰਜਾਬ ਵਿੱਚ ਤਸਕਰੀ ਕਰਕੇ ਲਗਾਏ ਗਏ ਸਨ। ਇਹ ਖਦਸ਼ਾ ਹੈ ਕਿ ਇਨ੍ਹਾਂ ਹਥਿਆਰਾਂ ਦੀ ਵਰਤੋਂ ਗੈਂਗ ਵਾਰਾਂ, ਕੰਟਰੈਕਟ ਕਿਲਿੰਗ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਕੀਤੀ ਜਾਣੀ ਸੀ। ਕਾਊਂਟਰ ਇੰਟੈਲੀਜੈਂਸ ਟੀਮਾਂ ਹੁਣ ਪੂਰੀ ਸਪਲਾਈ ਚੇਨ ਅਤੇ ਗਿਰੋਹ ਦੇ ਹੋਰ ਸਾਥੀਆਂ ਦੀ ਪਛਾਣ ਕਰਨ ਲਈ ਡੂੰਘਾਈ ਨਾਲ ਜਾਂਚ ਕਰ ਰਹੀਆਂ ਹਨ। ਪੁਲਿਸ ਦਾ ਉਦੇਸ਼ ਇਸ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਨੈੱਟਵਰਕ ਨੂੰ ਜੜ੍ਹੋਂ ਖਤਮ ਕਰਨਾ ਹੈ। ਪੰਜਾਬ ਪੁਲਿਸ ਅਨੁਸਾਰ ਇਸ ਮਾਮਲੇ ਵਿੱਚ ਹੋਰ ਗ੍ਰਿਫ਼ਤਾਰੀਆਂ ਹੋ ਸਕਦੀਆਂ ਹਨ। ਗ੍ਰਿਫ਼ਤਾਰ ਮੁਲਜ਼ਮ ਗੁਰਬਾਜ ਸਿੰਘ ਬਦਨਾਮ ਅਪਰਾਧੀ ਜੱਗੂ ਭਗਵਾਨਪੁਰੀਆ ਗੈਂਗ ਦਾ ਐਕਟਿਵ ਮੈਂਬਰ ਹੈ, ਜੋ ਪੰਜਾਬ ਅਤੇ ਨਾਲ ਲੱਗਦੇ ਰਾਜਾਂ ਵਿੱਚ ਕਤਲ, ਡਕੈਤੀ ਅਤੇ ਜਬਰਨ ਵਸੂਲੀ ਵਰਗੇ ਅਪਰਾਧਾਂ ਵਿੱਚ ਸ਼ਾਮਲ ਰਿਹਾ ਹੈ। ਇਸ ਗਿਰੋਹ ਵਿਰੁੱਧ ਪਹਿਲਾਂ ਵੀ ਕਈ ਮਾਮਲੇ ਦਰਜ ਕੀਤੇ ਜਾ ਚੁੱਕੇ ਹਨ ਅਤੇ ਇਸਨੂੰ ਅਕਸਰ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਨਾਲ ਜੋੜਿਆ ਜਾਂਦਾ ਹੈ। ਪੰਜਾਬ ਪੁਲਿਸ ਦਾ ਕਹਿਣਾ ਹੈ ਕਿ ਉਹ ਸੂਬੇ ਵਿੱਚੋਂ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਅਤੇ ਗੈਂਗਸਟਰ ਸੱਭਿਆਚਾਰ ਨੂੰ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 2 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੧੯ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

# ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਹੋਏ ਹੁਕਮਾਂ ਨੂੰ ਹਰ ਹਾਲਤ ਵਿੱਚ ਪੂਰਾ ਕੀਤਾ ਜਾਵੇਗਾ:- ਭਰਤੀ ਕਮੇਟੀ

## "ਭਰਤੀ ਕਮੇਟੀ ਪੂਰਨ ਇਮਾਨਦਾਰੀ, ਸਮਰਪਿਤ ਭਾਵਨਾ ਅਤੇ ਸਮੁੱਚੀਆਂ ਪੰਥਕ ਧਿਰਾਂ ਅਤੇ ਪੰਜਾਬ ਹਿਤੈਸ਼ੀਆਂ ਦੀ ਇੱਛਾ ਦੀ ਤਰਜਮਾਨੀ ਕਰੇਗੀ"

## "ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦਾ ਜ਼ਿੰਮੇਵਾਰੀ ਦੇਣ ਲਈ ਧੰਨਵਾਦ"

## ਮੰਗਲਵਾਰ 4 ਮਾਰਚ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਅਰਦਾਸ ਉਪਰੰਤ ਮੀਟਿੰਗ ਕੀਤੀ ਜਾਵੇਗੀ"




**ਚੰਡੀਗੜ੍ਹ, 1 ਮਾਰਚ (ਆਵਾਜ਼ਿ ਕੌਮ ਬਿਊਰੋ)-** ਭਰਤੀ ਕਮੇਟੀ ਦੇ ਸਾਰੇ ਮੈਂਬਰਾਂ ਵੱਲੋਂ ਸਾਝੇ ਤੌਰ ਤੇ ਸਤਿਕਾਰਯੋਗ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਦਿੱਤੀ ਸੇਵਾ ਲਈ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜੀ ਪਾਸੋਂ ਮਿਲੀ ਸੰਗਤੀ ਹੁਕਮਾਂ ਨੂੰ ਹਰ ਹੀਲੇ ਨੇਪਰੇ ਚਾੜ੍ਹਿਆ ਜਾਵੇਗਾ, ਦੋ ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਫ਼ਸੀਲ ਤੋਂ ਜਿਹੜੇ ਹੁਕਮ ਹੋਏ ਸਨ, ਜਿਨ੍ਹਾਂ ਤਹਿਤ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਹਿਤ ਨਵੀਂ ਭਰਤੀ ਕਰਨ ਲਈ ਸੱਤ ਮੈਂਬਰੀ ਭਰਤੀ ਕਮੇਟੀ ਨੂੰ ਬਣਾਇਆ ਗਿਆ ਸੀ, ਕਮੇਟੀ ਦੇ ਕਾਰਜਸ਼ੀਲ ਪੰਜ ਮੈਬਰਾਂ ਜਥੇ: ਸੰਤਾ ਸਿੰਘ ਉਮੈਦਪੁਰੀ, ਮਨਪ੍ਰੀਤ ਸਿੰਘ ਇਯਾਲੀ, ਇਕਬਾਲ ਸਿੰਘ ਝੂੰਦਾ, ਜਥੇ: ਗੁਰਪ੍ਰਤਾਪ ਸਿੰਘ ਵਡਾਲਾ ਅਤੇ ਬੀਬੀ ਸਤਵੰਤ ਕੌਰ ਵਲੋ ਜਾਰੀ ਬਿਆਨ ਵਿੱਚ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ਸੀਲ ਤੇ ਹੋਏ ਹਰ ਹੁਕਮ ਨੂੰ ਮੰਨਣਾ ਹਰ ਸਿੱਖ ਦਾ ਨਾ ਸਿਰਫ ਫਰਜ ਹੈ ਸਗੋ ਇਸ ਤੇ ਪਹਿਰਾ ਦੇਣਾ ਵੀ ਨੈਤਿਕ ਜ਼ਿੰਮੇਵਾਰੀ ਹੈ।

ਭਰਤੀ ਕਮੇਟੀ ਦੇ ਮੈਬਰਾਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਭਰਤੀ ਕਮੇਟੀ ਦੀ ਭੂਮਿਕਾ ਅਤੇ ਕਾਰਜ ਨੂੰ ਲੈਕੇ ਮੀਟਿੰਗਾਂ ਦਾ ਦੌਰ ਵੀ ਚੱਲਿਆ ਜਿਸ ਤੇ ਆਮ ਅਤੇ ਸਾਂਝਾ ਰਾਇ ਬਣਾਉਣ ਦੀ ਕੋਸ਼ਿਸ਼ ਰਹੀ, ਜਿਸ ਦੀ ਪੂਰੀ ਰਿਪੋਰਟ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜੀ ਗਈ ਸੀ। ਉਸੇ ਰਿਪੋਰਟ ਦੇ ਆਧਾਰ ਤੇ ਅੱਜ ਸਿੰਘ ਸਾਹਿਬ ਵਲੋ ਹੁਕਮ ਸੁਣਾਏ ਗਏ ਹਨ, ਜਿਹਨਾਂ ਵਿੱਚ ਮੁੱਖ ਤੌਰ ਤੇ ਭਰਤੀ ਕਰਨ ਦੇ ਹੁਕਮ ਹਨ, ਓਹਨਾ ਨੂੰ ਹਰ ਹਾਲਤ ਵਿੱਚ ਪੂਰਾ ਕੀਤਾ ਜਾਵੇਗਾ।

ਜਾਰੀ ਬਿਆਨ ਵਿੱਚ ਮੈਬਰਾਂ ਨੇ ਕਿਹਾ ਕਿ ਭਰਤੀ ਕਮੇਟੀ ਪੂਰਨ ਇਮਾਨਦਾਰੀ, ਸਮਰਪਿਤ ਭਾਵਨਾ ਅਤੇ ਸਮੁੱਚੀਆਂ ਪੰਥਕ ਧਿਰਾਂ ਨੂੰ ਇਕੱਠਾ ਕਰਕੇ ਅਕਾਲੀ ਵਰਕਰਾਂ ਦੀ ਇੱਛਾ ਦੀ ਤਰਜਮਾਨੀ ਕਰੇਗੀ ਅਤੇ ਹਰ ਪਿੰਡ ਹਰ ਕਸਬੇ ਤੱਕ ਪਹੁੰਚ ਕਰਕੇ ਵੱਡੀ ਪੱਧਰ ਤੇ ਭਰਤੀ ਕਰੇਗੀ।

ਜਾਰੀ ਬਿਆਨ ਵਿੱਚ ਭਰਤੀ ਕਮੇਟੀ ਮੈਬਰਾਂ ਨੇ ਕਿਹਾ ਕਿ ਭਰਤੀ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਮੰਗਲਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਅਰਦਾਸ ਉਪਰੰਤ ਅਹਿਮ ਮੀਟਿੰਗ ਸ੍ਰੀ ਅਮ੍ਰਿਤਸਰ ਸਾਹਿਬ ਰੱਖੀ ਗਈ ਹੈ, ਜਿਸ ਵਿੱਚ ਪੂਰਾ ਖਾਕਾ ਤਿਆਰ ਕਰਨ ਦੀ ਪਹਿਲਕਦਮੀ ਹੋਏਗੀ। ਇਸ ਦੇ ਨਾਲ ਹੀ ਭਰਤੀ ਕਮੇਟੀ ਮੈਬਰਾਂ ਨੇ ਵੱਖ-ਵੱਖ ਪੰਥਕ ਧਿਰਾਂ, ਸਮੁੱਚੀਆਂ ਪੰਥਕ ਸੰਸਥਾਵਾਂ, ਦਲ ਪੰਥਾਂ, ਟਕਸਾਲਾਂ ਸੰਪਰਦਾਵਾਂ ਆਦਿ ਦੇ ਸਮੂਹ ਅਕਾਲੀ ਵਰਕਰਾਂ ਨੂੰ, ਹਰ ਵਰਗ ਦੇ ਸਮੁੱਚੇ ਪੰਜਾਬ ਹਿਤੈਸ਼ੀਆਂ ਨੂੰ ਵੀ ਅਪੀਲ ਵੀ ਕੀਤੀ ਕਿ, ਉਹ ਭਾਈਚਾਰਕ ਸਾਝ ਤੇ ਪਹਿਰਾ ਦੇਣ ਲਈ ਪੰਜਾਬ ਦੀ ਸਭ ਤੋਂ ਪੁਰਾਣੀ ਸਿਆਸੀ ਪਾਰਟੀ ਦੀ ਤਾਕਤ ਅਤੇ ਸਮਰੱਥਾ ਮੁੱੜ ਸੁਰਜੀਤ ਕਰਨ ਲਈ, ਭਰਤੀ ਕਮੇਟੀ ਨੂੰ ਹਰ ਸੰਭਵ ਸਹਿਯੋਗ ਦੇਣ ਦੀ ਕ੍ਰਿਪਾਲਤਾ ਕਰਨ। ••

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ॥

# ਗੁਰੂ ਨਾਨਕ ਗੁਰਦੁਆਰਾ ਸਮੈਦਿਕ






## ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਪ੍ਰਭੂਸੱਤਾ ਅਤੇ ਅਤੇ ਜਥੇਦਾਰਾਂ ਦੇ ਸਨਮਾਨ ਬਹਾਲੀ ਦੇ ਸਬੰਧ ਵਿੱਚ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ

# ਵਿਸ਼ਾਲ ਪੰਥਕ ਇਕੱਠ

## 2 ਮਾਰਚ 2025 ਦਿਨ ਐਤਵਾਰ ਦੁਪਹਿਰ 1 ਵਜੇ

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਗੁਰੂ ਪਿਆਰੇ ਖਾਲਸਾ ਜੀਓ, ਪਿਛਲੇ ਸਾਲ 2 ਦਸੰਬਰ 2024 ਨੂੰ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਫਸੀਲ ਤੋਂ ਸਿੰਘ ਸਾਹਿਬਾਨਾਂ ਵੱਲੋਂ ਆਦੇਸ਼ ਸੁਣਾਏ ਗਏ ਸਨ ਤੋਂ ਉਹਨਾਂ ਆਦੇਸ਼ਾਂ ਤੋਂ ਭਗੌੜੇ ਹੋਣ ਵਾਲਿਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ ਅਤੇ ਜਥੇਦਾਰਾਂ ਦੇ ਅਧਿਕਾਰਾਂ ਉਤੇ ਸਵਾਲ ਖੜੇ ਕਰ ਦਿੱਤੇ ਹਨ ਜਿਸ ਕਰਕੇ ਪੂਰੀ ਦੁਨੀਆ ਦਾ ਸਿੱਖ ਅੱਜ ਬੇਚੈਨ ਅਤੇ ਪਰੇਸ਼ਾਨ ਹੈ। ਇਹਨਾਂ ਮਸਲਿਆਂ ਦਾ ਕੀ ਹੱਲ ਹੋਵੇ ਇਸ ਸਬੰਧ ਵਿੱਚ ਇੰਗਲੈਂਡ ਭਰ ਦੀਆਂ ਸਿੱਖ ਜਥੇਬੰਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਪੰਥਕ ਦਰਦੀਆਂ ਦਾ ਵਿਸ਼ਾਲ ਇਕੱਠ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ ਸੱਦਿਆ ਗਿਆ ਹੈ। ਜਿੱਥੇ ਪੰਥ ਦਰਦੀਆਂ ਨੂੰ ਖੁੱਲਾ ਸੱਦਾ ਅਤੇ ਬੇਨਤੀ ਕੀਤੀ ਜਾਂਦੀ ਹੈ ਕਿ ਗੁਰੂ ਨਾਨਕ ਗੁਰਦੁਆਰਾ ਹਾਈ ਸਟਰੀਟ ਸਮੈਦਿਕ ਵਿਖੇ ਦੁਪਹਿਰ 1 ਵਜੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ, ਉੱਥੇ ਪੰਥਕ ਵਿਦਵਾਨ ਜਥੇਬੰਦੀਆਂ ਦੇ ਆਗੂ ਅਤੇ ਗੁਰਦੁਆਰਿਆਂ ਦੇ ਪ੍ਰਬੰਧਕ ਵਿਚਾਰ ਕਰਕੇ ਸਾਂਝਾ ਫੈਸਲਾ ਕਰਨਗੇ । **ਸੋ ਆਪ ਸਭ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।**

## ਵਧੇਰੇ ਜਾਣਕਾਰੀ ਲਈ

| | | | |
|---|---|---|---|
| ਭਾਈ ਕੁਲਦੀਪ ਸਿੰਘ ਦਿਓਲ | ਭਾਈ ਕੁਲਦੀਪ ਸਿੰਘ ਚਹੇੜੂ | ਭਾਈ ਰਾਜਮਨਵਿੰਦਰ ਸਿੰਘ ਕੰਗ | ਭਾਈ ਰਘਵੀਰ ਸਿੰਘ ਬੀਰ੍ਹਾ |
| ਮੋ.: 07971931075 | 07938633554 | 07869 113379 | 07930 908368 |

# GURU NANAK GURDWARA

130 High St, Smethwick, B66 3AP-0121 558 2527

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਸ੍ਰੀ ਅਕਾਲ ਤਖ਼ਤ ਸਾਹਿਬ ਜੀ



ਸ੍ਰੀ ਅਕਾਲ ਤਖ਼ਤ ਸਾਹਿਬ ਜੀ ਗੁਰਦੁਆਰਾ ਸਾਹਿਬ ਹੈ ਜਾਂ ਸਿੱਖਾਂ ਕੌਮ ਦਾ ਤਖ਼ਤ ਇਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 1 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 2 ਮਾਰਚ 2025 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਅਮਨਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





# ਜਥੇਦਾਰ ਰਘਵੀਰ ਸਿੰਘ ਜੀ ਕੌਮ ਨੂੰ ਸਪੱਸ਼ਟ ਸੇਧ ਦੇਣ-ਪੰਜੋਲੀ




ਜਥੇਦਾਰ ਰਘਵੀਰ ਸਿੰਘ ਜੀ ਦੇ ਸਾਹਮਣੇ ਹੁਣ ਸਭ ਕੁਛ ਨਸ਼ਰ ਹੋ ਚੁਕਾ ਹੈ ਕਿ ਬਾਦਲ ਧੜਾ ਦੋ ਦਸੰਬਰ ਵੇਲੇ ਅਕਾਲ ਤਖਤ ਸਾਹਿਬ ਦੇ ਹੁਕਮ ਨੂੰ ਵੰਗਾਰਕੇ ਭਰਤੀ ਵੀ ਕਰ ਰਿਹਾ ਹੈ ਤੇ ਹੁਣ ਲੁਧਿਆਣੇ ਚੋਣ ਮੈਦਾਨ ਵਿਚ ਉਮੀਦਵਾਰ ਉਤਾਰਨ ਦਾ ਐਲਾਨ ਵੀ ਕਰ ਚੁਕਾ ਹੈ ।ਅਕਾਲ ਤਖਤ ਸਾਹਿਬ ਵਲੋ ਬਣਾਈ ਕਮੇਟੀ ਦੀ ਰਿਪੋਰਟ ਵੀ ਜਗਜਾਹਰ ਹੈ ਕਿ ਬਾਦਲ ਧੜਾ ਇਸ ਕਮੇਟੀ ਨੌ ਕੋਈ ਮਾਨਤਾ ਨਹੀ ਦਿੰਦਾ।ਪਰ ਹੈਰਾਨੀ ਦੀ ਗੱਲ ਹੈ ਕਿ ਜਥੇਦਾਰ ਰਘਵੀਰ ਸਿੰਘ ਕੌਮ ਨੂੰ ਕੋਈ ਸਪੱਸ਼ਟ ਸੇਧ ਨਹੀ ਦੇ ਰਹੇ ।ਹਰ ਲੰਘਦੇ ਦਿਨ ਬਾਦਲ ਧੜਾ ਧੱਕੇਸ਼ਾਹੀ ਕਰਦਿਆਂ ਵਧ ਰਿਹਾ ਹੈ ਤੇ ਹਰ ਰੋਜ ਕੌਮ ਵਿਚ ਹੋਰ ਵੱਧ ਸੰਤਾਪ ਵਧ ਰਿਹਾ ਹੈ ਪਰ ਜਥੇਦਾਰ ਰਘਵੀਰ ਸਿੰਘ ਖਾਮੋਸ਼ ਹਨ ।ਜਥੇਦਾਰ ਹਰਪ੍ਰੀਤ ਸਿੰਘ ਦੇ ਮਾਮਲੇ ਵਿਚ ਇਕ ਸੋਸਲ ਮੀਡੀਆ ਪੋਸਟ ਮਗਰੋਂ ਜਦ ਸ਼ਰੋਮਣੀ ਕਮੇਟੀ ਪ੍ਰਧਾਨ ਅਸਤੀਫਾ ਦੇਕੇ ਘਰ ਬਹਿ ਗਏ ਤਾਂ ਜਥੇਦਾਰ ਸਾਹਿਬ ਨੇ ਇਕ ਵੇਰ ਅੰਤ੍ਰਿੰਗ ਕਮੇਟੀ ਬਾਰੇ ਜਰੂਰ ਗੱਲ ਕੀਤੀ ਪਰ ਫੇਰ ਓਹ ਖਾਮੋਸ਼ੀ ਧਾਰ ਗਏ। ਜਿਹੜੇ ਸਿਖ ਅਕਾਲ ਤਖਤ ਸਾਹਿਬ ਦਾ ਹੁਕਮ ਮੰਨਦੇ ਹਨ ਉਹ ਤਕਲੀਫ ਭੋਗ ਰਹੇ ਹਨ ਤੇ ਹੁਕਮ ਤੋ ਭਗੌੜੇ ਬਾਦਲ ਧੜੇ ਨੂੰ ਕੌਮੀ ਜਜਬਾਤ ਦੀ ਕੋਈ ਪ੍ਰਵਾਹ ਨਹੀ ।ਜਦ ਅਕਾਲੀ ਦਲ ਦਾ ਕੋਈ ਪ੍ਰਧਾਨ ਨਹੀ ,ਸ਼੍ਰੋਮਣੀ ਕਮੇਟੀ ਦਾ ਪ੍ਰਧਾਨ ਅਸਤੀਫਾ ਦੇ ਚੁਕਾ ਹੈ ਤਾਂ ਸਭ ਤੋ ਅਹਿਮ ਤੇ ਵੱਡੀ ਜਿੰਮੇਵਾਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਦੀ ਹੈ ਪਰ ਜਥੇਦਾਰ ਰਘਵੀਰ ਸਿੰਘ ਆਪਣੀ ਭੂਮਿਕਾ ਨਹੀ ਨਿਭਾ ਰਹੇ ।ਸੰਗਤ ਵਿਚ ਦਿਨੋ ਦਿਨ ਨਿਰਾਸ਼ਤਾ ਤੇ ਮਾਯੂਸੀ ਵਧ ਰਹੀ ਹੈ।

ਹਕੀਕਤ ਇਹ ਹੈ ਕਿ ਦੋ ਦਸੰਬਰ ਤੋ ਹੀ ਬਾਦਲ ਧੜਾ ਅਕਾਲ ਤਖਤ ਸਾਹਿਬ ਦੇ ਹੁਕਮ ਨੂੰ ਅੱਖੋ ਪਰੋਖੇ ਕਰਦਾ ਰਿਹਾ ਪਰ ਜਥੇਦਾਰ ਸਾਹਿਬ ਨੇ ਉਨਾ ਨੂੰ ਰੋਕਣ ਟੋਕਣ ਦੀ ਲੋੜ ਹੀ ਨਹੀ ਸਮਝੀ ।ਜਿਸ ਦਿਨ ਭਰਤੀ ਕਮੇਟੀ ਦੇ ਅਹੁਦੇਦਾਰ ਧਾਮੀ ਸਾਹਿਬ ਤੇ ਵਡਾਲਾ ਸਾਹਿਬ ਬਾਦਲ ਧੜੇ ਦੇ ਕਾਰਜਕਾਰੀ ਪ੍ਰਧਾਨ ਸ ਬਲਵਿੰਦਰ ਸਿੰਘ ਭੂੰਦੜ ਦੇ ਘਰ ਗਏ ਸੀ ਤਾਂ ਜਥੇਦਾਰ ਸਾਹਿਬ ਦਾ ਬੋਲਣਾ ਬਣਦਾ ਸੀ ।ਧਾਮੀ ਸਾਹਿਬ ਦਾ ਇਹ ਕਦਮ ਨਾਲ ਅਕਾਲ ਤਖਤ ਸਾਹਿਬ ਦੀ ਸਾਖ ਤੇ ਸ਼ਾਨ ਦੇ ਪ੍ਰਤੀਕੂਲ ਸੀ ਭੂੰਦੜ ਸਾਹਿਬ ਦੀ ਹੈਸੀਅਤ ਅਕਾਲ ਤਖਤ ਸਾਹਿਬ ਦੀ ਨੁਮਾਇੰਦਾ ਭਰਤੀ ਕਮੇਟੀ ਤੋ ਵੱਡੀ ਨਹੀ ਪਰ ਬਾਦਲ ਧੜੇ ਨੇ ਧਾਮੀ ਸਾਹਿਬ ਨੂੰ ਮਜਬੂਰ ਕਰ ਦਿਤਾ ।ਧਾਮੀ ਸਾਹਿਬ ਬਾਦਲ ਧੜੇ ਦੀਆਂ ਲਿਲਕੜੀਆਂ ਲੈਂਦੇ ਰਹੇ ਪਰ ਬਾਦਲ ਧੜੇ ਨੇ ਦੋ ਦਸੰਬਰ ਵਾਲੇ ਹੁਕਮ ਨਹੀ ਮੰਨੇ ।ਇਕ ਪਾਸੇ ਬਾਦਲ ਧੜੇ ਦੇ ਆਗੂ ਉਨਾ ਦੀ ਗੱਲ ਨਹੀ ਸੀ ਸੁਣਦੇ,ਦੂਜੇ ਪਾਸੇ ਉਨਾ ਉਤੇ ਅਕਾਲ ਤਖਤ ਸਾਹਿਬ ਦੇ ਲਾਗੂ ਕਰਵਾਉਣ ਦਾ ਦਬਾਅ ਸੀ ।ਇਸ ਮਹੌਲ ਵਿਚ ਉਹ ਅਸਤੀਫਾ ਦੇਕੇ ਘਰ ਬਹਿ ਗਏ ਤਾਂ ਬਾਦਲ ਧੜੇ ਨੇ ਕਦੇ ਦਲਜੀਤ ਸਿੰਘ ਚੀਮਾ,ਕਦੇ ਬਿਕਰਮਜੀਤ ਸਿੰਘ ਮਜੀਠੀਆ ਤੇ ਕਦੇ ਕਿਸੇ ਹੋਰ ਰਾਹੀ ਅਸਤੀਫਾ ਰੱਦ ਕਰਨ ਕਰਾਉਣ ਲਈ ਦਬਾਅ ਪਾਉਣਾ ਸ਼ੁਰੂ ਕਰ ਦਿਤਾ ਹੈ ।ਇਹ ਸਾਰੀਆਂ ਮੁਲਾਕਾਤਾਂ ਬਾਰੇ ਪ੍ਰਚਾਰਿਆ ਤਾਂ ਬੇਸ਼ੱਕ ਇਹ ਜਾਂਦਾ ਹੈ ਕਿ ਧਾਮੀ ਸਾਹਿਬ ਦੇ ਪੋਤਰੇ ਦੀ ਵਧਾਈ ਦੇਣ ਗਏ ਸੀ ਪਰ ਹਕੀਕਤ ਸਾਰੀ ਕੌਮ ਜਾਣਦੀ ਹੈ ।ਅਸਲ ਵਿਚ ਬਾਦਲ ਧੜੇ ਦਾ ਏਜੰਡਾ ਹੈ ਕਿ ਧਾਮੀ ਸਾਹਿਬ ਦੀ ਕੋਈ ਗੱਲ ਵੀ ਨਹੀ ਸੁਣਨੀ,ਮੰਨਣੀ ਤੇ ਪ੍ਰਧਾਨ ਵੀ ਉਨਾ ਨੂੰ ਰਖਣਾ ਹੈ ਕਿਉਂਕਿ ਰਘੁਜੀਤ ਸਿੰਘ ਵਿਰਕ ਹਰ ਤਰਾਂ ਜਿੰਮੇਵਾਰੀ ਨਿਭਾਉਣ ਤੋਂ ਅਯੋਗ ਹੈ।

ਜਥੇਦਾਰ ਰਘਵੀਰ ਸਿੰਘ ਦਾ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਮਿਲਣ ਦਾ ਮਕਸਦ ਵੀ ਅਸਤੀਫਾ ਰੱਦ ਕਰਵਾਉਣਾ ਹੀ ਹੈ ।ਇਹ ਬਹੁਤ ਹੀ ਗਲਤ ਕਾਰਵਾਈ ਹੈ ।ਜਥੇਦਾਰ ਅਕਾਲ ਤਖਤ ਸਾਹਿਬ ਦਾ ਇਹ ਕੰਮ ਨਹੀ ।ਜੇ ਜਥੇਦਾਰ ਅਕਾਲ ਤਖਤ ਸਾਹਿਬ ਤੇ ਜਥੇਦਾਰ ਕੇਸਗੜ੍ਹ ਸਾਹਿਬ ਦੀ ਗੱਲ ਹੁਣ ਧਾਮੀ ਸਾਹਿਬ ਨਹੀ ਮੰਨਦੇ ਤਾਂ ਵੀ ਮਾੜਾ ਪ੍ਰਭਾਵ ਪਵੇਗਾ ਤੇ ਜੇ ਓਹ ਮੰਨਕੇ ਅਸਤੀਫਾ ਵਾਪਸ ਲੈਣ ਤਾਂ ਵੀ ਮਾੜਾ ਕਿਉਂਕਿ ਹੁਣ ਕਿਹੜਾ ਬਾਦਲ ਧੜੇ ਨੇ ਦੋ ਦਸੰਬਰ ਵਾਲੇ ਹੁਕਮ ਮੰਨਣ ਦਾ ਐਲਾਨ ਕਰ ਦਿਤਾ ਹੈ ।ਬਾਦਲ ਧੜੇ ਨੇ ਆਪਦੀ ਜਿਦ ਕਰਕੇ ਸ਼੍ਰੋਮਣੀ ਕਮੇਟੀ ਦੇ ਪਰਧਾਨ ਅਤੇ ਤਖਤ ਸਾਹਿਬਾਨ ਦੇ ਜਥੇਦਾਰ ਦੀ ਸਥਿਤੀ ਔਖੀ ਕਰ ਦਿਤੀ ਹੈ ।ਹੁਕਮ ਬਾਦਲ ਧੜਾ ਨਹੀ ਮੰਨ ਰਿਹਾ ਪਰ ਸੰਤਾਪ ਜਥੇਦਾਰ ਰਘਵੀਰ ਸਿੰਘ ਤੇ ਧਾਮੀ ਸਾਹਿਬ ਨੂੰ ਭੋਗਣਾ ਪੈ ਰਿਹਾ ਹੈ ।ਬਾਦਲਕਿਆ ਵਲੋ ਚਾਹੇ ਜਥੇਦਾਰ ਵੀ ਅਸਤੀਫੇ ਦੇ ਜਾਣ,ਉਨਾ ਨੇ ਆਪਦੀ ਹੈਂਕੜ ਨਹੀ ਛਡਣੀ।

ਇਸ ਮਹੌਲ ਵਿਚ ਜਥੇਦਾਰ ਸਾਹਿਬਾਨ ਨੂੰ ਅਕਾਲ ਤਖਤ ਸਾਹਿਬ ਦੀ ਸ਼ਾਨ,ਸਾਖ,ਪ੍ਰੰਪਰਾ ਤੇ ਰਵਾਇਤ ਦਾ ਖਿਆਲ ਰਖਣ ਦੀ ਲੋੜ ਹੈ ।ਜਥੇਦਾਰ ਰਘਵੀਰ ਸਿੰਘ ਆਪਦਾ ਕੌਮੀ ਫਰਜ ਨਿਭਾਉਣ, ਕੌਮ ਨੂੰ ਸਪੱਸ਼ਟ ਸੇਧ ਦੇਣ ।ਵਾਰ ਵਾਰ ਇਹ ਕਹਿਣ ਨਾਲ ਕੁਛ ਨਹੀ ਸੰਵਰਨਾ ਕਿ ਦੋ ਦਸੰਬਰ ਵਾਲੇ ਹੁਕਮ ਇੰਨ ਬਿੰਨ ਲਾਗੂ ਕਰਵਾਉਣੇ ਹਨ ।ਕੁਛ ਅਮਲੀ ਤੌਰ ਤੇ ਕਰਨਾ ਪਵੇਗਾ।

ਆਸ ਕਰਦੇ ਹਾਂ ਕਿ ਜਥੇਦਾਰ ਰਘਵੀਰ ਸਿੰਘ ਕੌਮ ਦੀ ਬੇੜੀ ਨੂੰ ਘੁੰਮਣਘੇਰੀ ਵਿਚੋ ਕਢਣ ਲਈ ਆਪਦਾ ਫਰਜ ਨਿਭਾਉਣਗੇ ਤੇ ਨਿਰਾਸ਼ਾਜਨਕ ਮਹੌਲ ਖਤਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਹਠੂਰ 'ਚ 17ਵਾਂ ਪੇਂਡੂ ਖੇਡ ਮੇਲਾ 14 -15 ਅਤੇ 16 ਮਾਰਚ ਨੂੰ

## ਖਿਡਾਰੀ ਅਤੇ ਖੇਡ ਪ੍ਰੇਮੀ ਪੇਂਡੂ ਖੇਡ ਮੇਲੇ ਦੀ ਰੌਣਕ ਵਧਾਉਣ : ਸਰਪੰਚ ਪ੍ਰਧਾਨ ਨਿੱਪਾ ਹਠੂਰ

ਹਠੂਰ/ ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੀ ਅਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ 17ਵਾਂ ਪੇਂਡੂ ਖੇਡ ਮੇਲਾ ਮਿਤੀ 14 -15 ਅਤੇ 16 ਮਾਰਚ 2025 ਨੂੰ ਕਰਵਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦਿਆਂ ਅਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਪ੍ਰਧਾਨ ਅਤੇ ਮੌਜੂਦਾ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਟੂਰਨਾਮੈਂਟ ਵਿੱਚ ਹਾਕੀ, ਫੁੱਟਬਾਲ, ਬਾਲੀਵਾਲ, ਅਤੇ ਤਾਸ਼ ਸੀਪ ਦੇ ਦਿਲ ਖਿੱਚਵੇਂ ਮੁਕਾਬਲੇ ਕਰਵਾਏ ਜਾਣਗੇ, ਤਾਸ਼ ਸੀਪ ਦੇ ਮੁਕਾਬਲੇ 14 ਮਾਰਚ ਨੂੰ ਹੋਣਗੇ। ਅਤੇ ਫੁੱਟਬਾਲ ਦੀਆਂ ਪਹਿਲੀਆਂ 32 ਟੀਮਾਂ ਹੀ ਇੰਟਰ ਕੀਤੀਆਂ ਜਾਣਗੀਆਂ, ਹਾਕੀ ਅਤੇ ਫੁੱਟਵਾਲ ਦੀ ਐਂਟਰੀ ਫੀਸ 500 ਰੁਪਏ ਹੋਵੇਗੀ, ਬਾਲੀਵਾਲ ਦੀ ਐਂਟਰੀ ਫੀਸ 200 ਰੁਪਏ ਹੋਵੇਗੀ ਅਤੇ ਬਾਲੀਵਾਲ ਦੀਆਂ ਕੁੱਲ 16 ਟੀਮਾਂ ਹੀ ਇੰਟਰ ਕੀਤੀਆਂ ਜਾਣਗੀਆਂ, ਇਸ ਤੋਂ ਇਲਾਵਾ ਤਾਸ਼ ਸੀਪ ਦੀ ਐਂਟਰੀ ਫੀਸ 100 ਰੁਪਏ ਹੋਵੇਗੀ। ਸਰਪੰਚ ਪ੍ਰਧਾਨ ਨਿੱਪਾ ਹਠੂਰ ਨੇ ਅੱਗੇ ਕਿਹਾ ਕਿ ਹਾਕੀ ਅਤੇ ਫੁੱਟਵਾਲ ਦੀਆਂ ਟੀਮਾਂ ਲਈ ਪੂਰੀ ਕਿੱਟ ਦਾ ਹੋਣਾ ਲਾਜ਼ਮੀ ਹੈ।ਤੇ ਸਾਰੀਆਂ ਟੀਮਾਂ ਕੋਲ ਪਹਿਚਾਣ ਪੱਤਰ ਹੋਣੇ ਵੀ ਜ਼ਰੂਰੀ ਹਨ। ਬਾਕੀ ਦੇ ਫੈਸਲੇ ਕਮੇਟੀ ਕੋਲ ਰਾਖਵੇਂ ਹੋਣਗੇ, ਤੇ ਜੇਤੂ ਟੀਮਾਂ ਨੂੰ ਸਨਮਾਨ ਚਿੰਨ੍ਹ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਤੇ ਨਾਲ ਨਾਲ ਵਿਸ਼ੇਸ਼ ਸਨਮਾਨ ਵੀ ਕੀਤੇ ਜਾਣਗੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਸਾਡਾ ਮਕਸਦ ਹੈ ਕਿ ਬੱਚਿਆਂ ਅਤੇ ਨੌਜ਼ਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾਵੇ, ਖੇਡਾਂ ਖੇਡਣ ਨਾਲ ਜਿੱਥੇ ਖਿਡਾਰੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਾਧਾ ਹੁੰਦਾ ਹੈ। ਉੱਥੇ ਖਿਡਾਰੀ ਖੇਡਾਂ ਵਿੱਚ ਤਰੱਕੀਆਂ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਹਾਕੀ, ਫੁੱਟਬਾਲ, ਬਾਲੀਵਾਲ, ਅਤੇ ਤਾਸ਼ ਸੀਪ ਦੇ ਖਿਡਾਰੀ ਅਤੇ ਖੇਡ ਪ੍ਰੇਮੀ ਪੇਂਡੂ ਖੇਡ ਮੇਲੇ ਦੀ ਰੌਣਕ ਨੂੰ ਵਧਾਉਣ, ਸਮੂਹ ਗ੍ਰਾਮ ਪੰਚਾਇਤ ਅਤੇ ਆਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਆਪ ਸਭ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਜੀ ਆਇਆਂ ਆਖੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ

# ਸਾਫ ਪਾਣੀ, ਆਲੇ ਦੁਆਲੇ ਦੀ ਸਫਾਈ ਅਤੇ ਡੇਂਗੂ ਸਬੰਧੀ ਦਿੱਤੀ ਜਾਣਕਾਰੀ




**ਤਲਵੰਡੀ ਸਾਬੋ, 01 ਮਾਰਚ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਡਾਕਟਰ ਗੁਰਜੀਤ ਸਿੰਘ ਅਤੇ ਸੀਨੀਅਰ ਮੈਡੀਕਲ ਅਫਸਰ (ਐਡੀਸਨਲ) ਡਾਕਟਰ ਜੈਦੀਪ ਸਿੰਘ ਗਾਇਨੋਕੋਲਿਜਿਸਟ ਦੀ ਅਗਵਾਈ ਹੇਠ ਅੱਜ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਸਾਫ ਪਾਣੀ, ਆਲੇ ਦੁਆਲੇ ਦੀ ਸਫਾਈ ਅਤੇ ਡੇਂਗੂ ਸਬੰਧੀ ਜਾਣਕਾਰੀ ਦਿੱਤੀ। ਕੁਲਦੀਪ ਸਿੰਘ ਮਲਟੀਪਰਪਜ਼ ਹੈਲਥ ਵਰਕਰ ਕਮਾਲੂ ਨੇ ਦੱਸਿਆ ਕਿ ਪੀਣ ਯੋਗ ਪਾਣੀ ਸਿਰਫ 1.7 % ਹੀ ਹੈ। ਧਰਤੀ ਤੇ ਪਾਣੀ 70% ਤੋਂ ਵੱਧ ਹੈ ਪਾਣੀ ਸਾਡੀ ਸਿਹਤ ਲਈ ਬਹੁਤ ਜ਼ਰੂਰੀ ਹੈ ਜਿਹੜਾ ਸਾਡੇ ਪੋਸ਼ਿਟਕ ਤੱਤਾਂ ਨੂੰ ਪਚਾਉਣ ਲਈ ਸ਼ਰੀਰ ਵਿੱਚ ਪਹੁਚਾਉਣ ਲਈ ਇੱਕ ਮੱਦਦਗਾਰ ਹੈ। ਜਿਸ ਤਰ੍ਹਾਂ ਸ਼ੁੱਧ ਪਾਣੀ ਸਾਡੇ ਲਈ ਜੀਵਨ ਹੈ ਪਰ ਇਸਦੇ ਉਲਟ ਦੂਸ਼ਿਤ ਪਾਣੀ ਸਾਡੀ ਸਿਹਤ ਨੂੰ ਕਈ ਪ੍ਰਕਾਰ ਦੀਆਂ ਬਿਮਾਰੀਆਂ ਦੇ ਸਕਦਾ ਹੈ ਅਤੇ ਸਾਨੂੰ ਪਾਣੀ ਦੀ ਸੰਭਾਲ ਕਰਨੀ ਚਾਹੀਦੀ ਹੈ ਤਾਂ ਹੀ ਆਪਣੀਆਂ ਪੀੜੀਆਂ ਲਈ ਪਾਣੀ ਬਚਾਅ ਸਕਦੇ ਹਾਂ ਅਤੇ ਹਰਪਾਲ ਸਿੰਘ ਗਿਆਨਾ ਮਲਟੀਪਰਪਜ਼ ਹੈਲਥ ਵਰਕਰ ਨੇ ਡੇਂਗੂ ਸਬੰਧੀ ਅਤੇ ਆਲੇ ਦੁਆਲੇ ਦੀ ਸਫਾਈ ਬਾਰੇ ਦੱਸਿਆ ਕਿ ਅੱਗੇ ਆਉਣ ਵਾਲਾ ਸਮਾਂ ਡੇਂਗੂ ਦਾ ਆਵੇਗਾ ਸੋ ਇਸ ਤੋਂ ਬਚਣ ਲਈ ਆਪਣੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ, ਨੀਵੀਆਂ ਥਾਵਾਂ 'ਤੇ ਮਿੱਟੀ ਪਾ ਦਿੱਤੀ ਜਾਵੇ ਪਾਣੀ ਦੇ ਸਰੋਤਾਂ ਨੂੰ ਢੱਕ ਕੇ ਰੱਖਿਆ ਜਾਵੇ ਅਤੇ ਇਹ ਜਾਣਕਾਰੀ ਆਪਣੇ ਘਰਾਂ ਵਿੱਚ ਅਤੇ ਆਲੇ ਦੁਆਲੇ ਵੰਡੀ ਜਾਵੇ ਇਸ ਬਾਰੇ ਬੱਚਿਆਂ ਨੂੰ ਦੱਸਿਆ ਗਿਆ। ਇਸ ਵਿੱਚ ਅਕਾਲ ਯੂਨੀਵਰਸਿਟੀ ਦਾ ਸਟਾਫ ਡਾ. ਜਨਪ੍ਰੀਤ ਸਿੰਘ ਐਨ.ਐਸ.ਐਸ ਕੁਆਰਡੀਨੇਟਰ ਅਤੇ ਡਾ.ਕੋਮਲਪ੍ਰੀਤ ਕੌਰ ਐਨ.ਐਸ.ਐਸ ਪ੍ਰੋਗਰਾਮ ਅਫ਼ਸਰ ਨੇ ਸਹਿਯੋਗ ਦਿੱਤਾ ਅਤੇ ਸਿਹਤ ਵਿਭਾਗ ਦੀ ਟੀਮ ਨੂੰ ਸਨਮਾਨਿਤ ਕੀਤਾ ਗਿਆ।

### ਯੁੱਧ ਨਸ਼ਿਆਂ ਵਿਰੁੱਧ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ

# ਜ਼ਿਲ੍ਹਾ ਸੰਗਰੂਰ ਵਿਖੇ ਚੱਲੀ ਵਿਸ਼ੇਸ਼ ਚੈਕਿੰਗ ਮੁਹਿੰਮ



**ਸੁਨਾਮ ਉਧਮ ਸਿੰਘ ਵਾਲਾ/ ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਐਸ.ਐਸ.ਪੀ ਸ਼੍ਰੀ ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ ਨਸ਼ਾ ਤਸਕਰੀ ਨੂੰ ਮੁਕੰਮਲ ਤੌਰ 'ਤੇ ਠੱਲ੍ਹ ਪਾਉਣ ਲਈ ਨਸ਼ੇ ਦਾ ਧੰਦਾ ਕਰਨ ਵਾਲੇ ਗੈਰ ਸਮਾਜਿਕ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਨੂੰ ਹੋਰ ਤੇਜ਼ ਕਰਦੇ ਹੋਏ ਅੱਜ ' ਯੁੱਧ ਨਸ਼ਿਆਂ ਵਿਰੁੱਧ ' ਤਹਿਤ ਜ਼ਿਲ੍ਹਾ ਸੰਗਰੂਰ ਦੇ "ਡਰੱਗ ਹਾਟ ਸਪਾਟ" ਏਰੀਆ ਦੀ ਸਰਚ ਦੌਰਾਨ ਐਕਸਾਇਜ ਐਕਟ ਤਹਿਤ 08 ਮੁਕੱਦਮੇ ਦਰਜ ਕਰਕੇ 06 ਕਥਿਤ ਦੋਸ਼ੀ ਗ੍ਰਿਫਤਾਰ ਕੀਤੇ ਗਏ ਹਨ। ਅੱਜ ਸੁਨਾਮ ਸ਼ਹਿਰ ਵਿਖੇ ਐਸਐਸਪੀ ਸ੍ਰੀ ਸਰਤਾਜ ਸਿੰਘ ਚਾਹਲ ਨੇ ਇਸ ਮੁਹਿੰਮ ਦੀ ਖੁਦ ਅਗਵਾਈ ਕੀਤੀ ਅਤੇ ਪੁਲਿਸ ਦੇ ਉੱਚ ਅਧਿਕਾਰੀਆਂ ਉੱਤੇ ਅਧਾਰਤ ਵੱਖ-ਵੱਖ ਟੀਮਾਂ ਵੱਲੋਂ ਕੀਤੀ ਗਈ ਜਾਂਚ ਪੜਤਾਲ ਦੌਰਾਨ 20 ਮੋਬਾਇਲ ਫੋਨ ਕਬਜ਼ੇ ਵਿੱਚ ਲਏ ਗਏ ਅਤੇ 15 ਮੋਟਰਸਾਇਕਲ ਜਬਤ ਕੀਤੇ ਗਏ ਜਿਨ੍ਹਾਂ ਬਾਰੇ ਪੜਤਾਲ ਕੀਤੀ ਜਾ ਰਹੀ ਹੈ। ਇਸ ਮੌਕੇ ਐਸ.ਐਸ.ਪੀ ਸ੍ਰੀ ਸਰਤਾਜ ਸਿੰਘ ਚਾਹਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਡੀ.ਜੀ.ਪੀ ਪੰਜਾਬ ਸ੍ਰੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਜਿਲਾ ਸੰਗਰੂਰ ਵਿੱਚ 9 ਪੁਲਿਸ ਗਜ਼ਿਟਡ ਅਫਸਰਾਂ, 06 ਇੰਸਪੈਕਟਰ/ਮੁੱਖ ਅਫਸਰਾਂ ਸਮੇਤ 325 ਤੋਂ ਵੱਧ ਪੁਲਿਸ ਮੁਲਾਜ਼ਮਾਂ ਨੇ ਡਰੱਗ ਹਾਟ ਸਪਾਟ ਏਰੀਆ ਦੀ ਸਰਚ ਕਰਕੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਕੀਤੀ। ਐਸ.ਐਸ.ਪੀ ਸ੍ਰੀ ਸਰਤਾਜ ਸਿੰਘ ਚਾਹਲ ਨੇ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਪੁਲਿਸ ਦਾ ਸਾਥ ਦੇਣ ਲਈ ਅਪੀਲ ਕੀਤੀ ਹੈ। ਉਹਨਾਂ ਨੇ ਦੱਸਿਆ ਕਿ ਵਿਦਿਅਕ ਅਦਾਰਿਆਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੁਕ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਆਪਣੇ ਪਰਿਵਾਰਾਂ ਅਤੇ ਰਿਸ਼ਤੇਦਾਰਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਸੁਚੇਤ ਕਰਨ। ਐਸਐਸਪੀ ਸ੍ਰੀ ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਵਿੱਚ ਨਸ਼ਿਆਂ ਦੇ ਮੁਕੰਮਲ ਖਾਤਮੇ ਨੂੰ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਅਤੇ ਨਸ਼ਿਆਂ ਖਿਲਾਫ ਜੰਗ ਜੋਸ਼ੋ ਖਰੋਸ਼ ਨਾਲ ਜਾਰੀ ਹੈ।

**☛ ਪੁਲਿਸ ਵੱਲੋਂ 08 ਮੁਕੱਦਮੇ ਦਰਜ, 06 ਵਿਅਕਤੀ ਗ੍ਰਿਫਤਾਰ ☛ 20 ਮੋਬਾਇਲ ਫੋਨ ਕਬਜ਼ੇ ਵਿੱਚ ਲਏ, 15 ਮੋਟਰਸਾਇਕਲ ਵੀ ਕੀਤੇ ਜਬਤ ☛ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲੋਕਾਂ ਤੋਂ ਸਹਿਯੋਗ ਮੰਗਿਆ**

### ਭਗਵੰਤ ਮਾਨ ਮੁੱਖ ਮੰਤਰੀ ਦੇ ਅਹੁਦੇ ਤੋਂ ਨੈਤਿਕਤਾ ਦੇ ਆਧਾਰ 'ਤੇ

# ਅਸਤੀਫ਼ਾ ਦੇ ਕੇ ਸੱਤਾ ਤੋਂ ਲਾਂਭੇ ਹੋਣ - ਦਿਓਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੇ ਵਿਧਾਇਕਾਂ ਦੀਆਂ ਧੱਕੇਸ਼ਾਹੀਆਂ ਤੇ ਭ੍ਰਿਸ਼ਟਾਚਾਰੀ ਕਾਰਵਾਈਆਂ ਦੇ ਲਗਾਤਾਰ ਪਰਦਾਫਾਸ਼ ਹੋ ਰਿਹਾ ਹੈ। ਇਸ ਕਰਕੇ ਮੁੱਖ ਮੰਤਰੀ ਸ੍ਰ: ਭਗਵੰਤ ਮਾਨ ਨੂੰ ਨੈਤਿਕਤਾ ਦੇ ਅਧਾਰ 'ਤੇ ਅਸਤੀਫ਼ਾ ਦੇ ਕੇ ਸੱਤਾ ਤੋਂ ਲਾਂਭੇ ਹੋ ਜਾਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਹਲਕਾ ਧੂਰੀ ਤੋ ਇੰਚਾਰਜ ਸ, ਰਣਦੀਪ ਸਿੰਘ ਦਿਓਲ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਪਾਰਟੀ ਦਾ ਇੱਕ ਵਿਧਾਇਕ ਅਮਿੱਤ ਰਤਨ ਭ੍ਰਿਸਟਾਚਾਰ ਦੇ ਦੋਸ਼ਾਂ ਤਹਿਤ ਅਦਾਲਤ ਵਿੱਚ ਸਾਹਮਣਾ ਕਰ ਰਿਹਾ ਹੈ। ਹੁਣ ਇੱਕ ਹੋਰ ਵਧਾਇਕਾ ਬੀਬੀ ਨਰਿੰਦਰ ਕੌਰ ਭਰਾਜ ਅਤੇ ਉਸਦੇ ਸਹਿਯੋਗੀਆਂ 'ਤੇ ਟਰੱਕ ਯੂਨੀਅਨ ਭਵਾਨੀਗੜ੍ਹ ਦੀ ਪ੍ਰਧਾਨਗੀ ਲਈ 30 ਲੱਖ ਰੁਪਏ ਕਥਿਤ ਰਿਸਵਤ ਲੈਣ ਅਤੇ ਬਾਅਦ ਵਿੱਚ ਵਾਅਦਾ ਖਿਲਾਫ਼ੀ ਕਰਦਿਆਂ ਵਾਪਸ ਕਰਕੇ ਹੋਰ ਵਿਅਕਤੀ ਨੂੰ ਪ੍ਰਧਾਨ ਬਣਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਸੁਪਰੀਮੋ ਅਰਵਿੰਦ ਕੈਜਰੀਵਾਲ ਇਹਨਾਂ ਭ੍ਰਿਸ਼ਟਾਚਾਰ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਵਿਧਾਇਕਾਂ ਰਾਹੀ ਰਾਜ ਸਭਾ ਦੀ ਦਹਿਲੀਜ਼ ਟੱਪਣ ਦੇ ਯਤਨ ਕਰ ਰਿਹਾ ਹੈ। ਉਹਨਾਂ ਕਿਹਾ ਕਿ ਦਿੱਲੀ ਵਿੱਚ ਆਮ ਆਦਮੀ ਪਾਰਟੀ ਅਤੇ ਖ਼ੁਦ ਅਰਵਿੰਦ ਕੇਜਰੀਵਾਲ ਨੂੰ ਆਪਣੀ ਸਰਕਾਰ ਦੌਰਾਨ ਹੋਏ ਬਰਾਬ ਘੁਟਾਲੇ ਤੇ ਹੋਰ ਭ੍ਰਿਸ਼ਟਾਚਾਰੀ ਕਾਰਵਾਈਆਂ ਕਾਰਨ ਹਾਰ ਦਾ ਮੂੰਹ ਵੇਖਣਾ ਪਿਆ। ਦੂਜੇ ਪਾਸੇ ਇਸ ਪਾਰਟੀ ਦੇ ਦਿੱਲੀ ਵਾਲੇ ਆਗੂ ਪੰਜਾਬ 'ਚ ਬੇਲੋੜੀ ਦਖ਼ਲਅੰਦਾਜ਼ੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਉਹ ਨੈਤਿਕਤਾ ਦੇ ਆਧਾਰ ਤੇ ਅਸਤੀਫ਼ਾ ਦੇ ਕੇ ਸੱਤਾ ਤੋਂ ਲਾਂਭੇ ਹੋ ਜਾਣ ਅਤੇ ਕੇਜਰੀਵਾਲ ਪੰਜਾਬ ਵਿੱਚ ਦਖ਼ਲ ਅੰਦਾਜ਼ੀ ਬੰਦ ਕਰ ਦੇਣ।

# 5178 ਮਾਸਟਰ ਕੇਡਰ ਅਧਿਆਪਕਾਂ ਦੀ ਜਿੱਤ, ਸੰਘਰਸ਼ ਅਤੇ ਕਾਨੂੰਨੀ ਚਾਰਾਜੋਈ ਦੀ ਜਿੱਤ-: ਡੈਮੋਕਰੇਟਿਕ ਟੀਚਰ ਫਰੰਟ




**ਗੁਰੂਸਰ ਸੁਧਾਰ (ਗੁਰਜੰਟ ਸਿੰਘ ਖਾਲਸਾ)**-ਸਾਲ 2014 ਦੌਰਾਨ 5178 ਅਸਾਮੀਆਂ ਤਹਿਤ ਭਰਤੀ ਹੋਏ ਅਧਿਆਪਕਾਂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਵੱਡੀ ਰਾਹਤ ਦਿੰਦਿਆਂ ਇਨ੍ਹਾਂ ਨੂੰ ਪਰਖ਼ ਕਾਲ ਸਮੇਂ ਦੀ ਪੂਰੀ ਤਨਖਾਹ ਜਾਰੀ ਕਰਨ ਦਾ ਹੁਕਮ ਪੰਜਾਬ ਸਰਕਾਰ ਨੂੰ ਸੁਣਾਇਆ ਹੈ।ਇਸ ਸੰਬੰਧੀ ਆਪਣਾ ਪ੍ਰਤੀਕਰਮ ਦਿੰਦਿਆਂ ਅਧਿਆਪਕ ਜਥੇਬੰਦੀ ਡੈਮੋਕਰੈਟਿਕ ਟੀਚਰ ਫਰੰਟ ਦੇ ਜਿਲ੍ਹਾ ਪ੍ਰਧਾਨ ਦਲਜੀਤ ਸਿੰਘ ਸਮਰਾਲਾ,ਜਨਰਲ ਸਕੱਤਰ ਹਰਜੀਤ ਸਿੰਘ ਸੁਧਾਰ ਨੇ ਕਿਹਾ ਕਿ ਤਤਕਾਲੀ ਸਰਕਾਰ ਦੀਆਂ ਅਧਿਆਪਕ ਵਿਰੋਧੀ ਨੀਤੀਆਂ ਦਾ ਖਮਿਆਜ਼ਾ ਇੰਨ੍ਹਾਂ ਅਧਿਆਪਕਾਂ ਨੂੰ ਭੁਗਤਣਾ ਪਿਆ।ਜਿਸ ਕਾਰਨ ਇਨ੍ਹਾਂ ਅਧਿਆਪਕਾਂ ਨੂੰ ਤਿੰਨ ਸਾਲ ਲਈ ਠੇਕੇ ਤੇ ਰੱਖਿਆ ਗਿਆ।ਇਸ ਤੋਂ ਬਾਅਦ ਦੋ ਸਾਲ ਦੇ ਪਰਖ਼ ਕਾਲ ਸਮੇਂ ਦੌਰਾਨ ਇਹਨਾਂ ਨੂੰ ਕੇਵਲ ਮੁੱਢਲੀ ਤਨਖਾਹ ਹੀ ਦਿੱਤੀ ਗਈ। ਜ਼ਿਕਰਯੋਗ ਹੈ ਕਿ ਇਹ ਕੇਸ ਦੀਪ ਰਾਜਾ ਵਰਸਿਜ ਪੰਜਾਬ ਸਰਕਾਰ ਤਹਿਤ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਚੱਲਿਆ।ਇਸ ਸਮੁੱਚੇ ਕੇਸ ਦੀ ਪੈਰਵਾਈ ਦੀਪ ਰਾਜਾ ਅਤੇ ਦੀਪਕ ਬਠਿੰਡਾ ਨੇ ਕੀਤੀ,ਆਖ਼ਰ ਫੈਸਲਾ ਪੀੜਤ ਅਧਿਆਪਕਾਂ ਦੇ ਹੱਕ ਵਿੱਚ ਹੋਇਆ।ਸੀਨੀਅਰ ਮੀਤ ਪ੍ਰਧਾਨ ਦਵਿੰਦਰ ਸਿੰਘ ਸਿੱਧੂ,ਮੀਤ ਪ੍ਰਧਾਨ ਗੁਰਦੀਪ ਸਿੰਘ ਹੇਰਾਂ ਅਤੇ ਵਿੱਤ ਸਕੱਤਰ ਗੁਰਬਚਨ ਸਿੰਘ ਨੇ ਇਸ ਸਮੁੱਚੇ ਵਰਤਾਰੇ ਤੇ ਆਪਣੀ ਰਾਇ ਜਾਹਰ ਕਰਦਿਆਂ ਕਿਹਾ ਕਿ ਇਸ ਫੈਸਲੇ ਨਾਲ ਅਧਿਆਪਕਾਂ ਦੇ ਉਨ੍ਹਾਂ ਸਾਰੇ ਵਰਗਾਂ ਨੂੰ ਭਾਰੀ ਰਾਹਤ ਮਿਲਣ ਦੀ ਉਮੀਦ ਹੈ,ਜਿਨਾਂ ਵਰਗਾਂ ਨੂੰ ਆਪਣਾ ਪਰਖ਼ ਕਾਲ ਸਮਾਂ ਕੇਵਲ ਅਤੇ ਕੇਵਲ ਮੁੱਢਲੀ ਤਨਖਾਹ ਤੇ ਹੀ ਗੁਜ਼ਾਰਨਾ ਪਿਆ।ਉਹਨਾਂ ਅਧਿਆਪਕਾਂ ਦੇ ਇਸ ਕਾਡਰ ਦੀ ਜਿੱਤ ਨੂੰ ਕਾਨੂੰਨ ਅਤੇ ਅਧਿਆਪਕ ਸੰਘਰਸ਼ ਦੀ ਜਿੱਤ ਦੱਸਿਆ।ਜਥੇਬੰਦਕ ਸਕੱਤਰ ਗੁਰਪ੍ਰੀਤ ਸਿੰਘ ਖੰਨਾ ਅਤੇ ਪ੍ਰੈਸ ਸਕੱਤਰ ਹੁਸ਼ਿਆਰ ਸਿੰਘ ਨੇ ਮੌਜੂਦਾ ਸਰਕਾਰ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਨਵੀਂ ਭਰਤੀ ਵਾਲੇ ਸਮੁੱਚੇ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਸੂਬੇ ਦੇ ਤਨਖਾਹ ਸਕੇਲਾਂ ਤਹਿਤ ਪੂਰੀ ਤਨਖਾਹ ਤੇ ਭਰਤੀ ਕਰੇ।ਠੇਕਾ ਸਿਸਟਮ ਆਊਟਸੋਰਸਿੰਗ ਦੀ ਨੀਤੀ ਰੱਦ ਕਰੇ ਅਤੇ ਜੁਲਾਈ 2020 ਤੋਂ ਬਾਅਦ ਭਰਤੀ ਹੋਏ ਸਮੁੱਚੇ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਕਮਿਸ਼ਨ ਦੀ ਆੜ ਹੇਠ ਤਨਖਾਹ ਘਟਾਈ ਰੱਦ ਕਰਕੇ ਪੂਰੀ ਤਨਖਾਹ ਲਾਗੂ ਕਰੇ। ਉਨਾਂ ਸਮੁੱਚੇ ਅਧਿਆਪਕ ਵਰਗ ਨੂੰ ਅਪੀਲ ਕੀਤੀ ਕਿ ਅਧਿਆਪਕਾਂ ਦੀਆਂ ਹੱਕੀ ਅਤੇ ਵਾਜਿਬ ਮੰਗਾਂ ਦੀ ਪੂਰਤੀ ਲਈ ਸੰਘਰਸ਼ਾਂ ਦੀ ਮੈਦਾਨ ਵਿੱਚ ਉਤਰਿਆ ਜਾਵੇ।ਇਸ ਸਮੇਂ ਬਲਾਕ ਪ੍ਰਧਾਨ ਖੰਨਾ ਹਰਪਿੰਦਰ ਸ਼ਾਹੀ,ਬਲਾਕ ਪ੍ਰਧਾਨ ਸਮਰਾਲਾ ਜਸਕਰਨ ਸਿੰਘ,ਹਰਦੀਪ ਸਿੰਘ ਸਕੱਤਰ ਬਲਾਕ ਸਕੱਤਰ ਸਿੱਧਵਾਂ ਬੇਟ,ਲਾਲ ਸਿੰਘ ਬਲਾਕ ਪ੍ਰਧਾਨ ਮਾਂਗਟ,ਬਲਾਕ ਪ੍ਰਧਾਨ ਲੁਧਿਆਣਾ ਅਰਵਿੰਦਰ ਭੰਗੂ,ਬਲਾਕ ਪ੍ਰਧਾਨ ਮਾਛੀਵਾੜਾ ਸਾਹਿਬ ਰਾਜਿੰਦਰ ਸਿੰਘ,ਜਸਵਿੰਦਰ ਸਿੰਘ ਰਾਏਕੋਟੀ,ਗੁਰਪ੍ਰੀਤ ਮਾਹੀ,ਪਰਮਜੀਤ ਸਿੰਘ ਬਲਾਕ ਸਕੱਤਰ ਖੰਨਾ,ਜਗਵਿੰਦਰ ਸਿੰਘ ਅਕਾਲਗੜ੍ਹ,ਸੁਖਮਿੰਦਰ ਸਿੰਘ ਅਕਾਲਗੜ੍ਹ, ਬਲਜੀਤ ਸਿੰਘ ਮਾਛੀਵਾੜਾ,ਰਾਜਿੰਦਰ ਸਿੰਘ ਸਮਰਾਲਾ ਅਧਿਆਪਕ ਸਾਥੀ ਸ਼ਾਮਿਲ ਸਨ।

# ਨਰੇਗਾ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਬਲਜੀਤ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਮੁੱਖ ਮੰਤਰੀ ਦੇ ਓਐਸਡੀ ਸੁੱਖੀ ਨੂੰ ਦਿੱਤਾ ਮੰਗ ਪੱਤਰ



**ਧੂਰੀ ( ਰਣਜੀਤ ਸਿੰਘ ਪੇਧਨੀ )** ਨਰੇਗਾ ਮੁਲਾਜ਼ਮ ਪਿਛਲੇ ਲਗਭਗ 15 ਸਾਲਾਂ ਤੋਂ ਕੱਚੀਆਂ ਆਸਾਮੀਆਂ ਤੇ ਨੌਕਰੀ ਕਰ ਰਹੇ ਹਨ। ਸਮੁੱਚੇ ਨਰੇਗਾ ਮੁਲਾਜ਼ਮਾਂ ਦੀ ਭਰਤੀ ਪੂਰੇ ਪਾਰਦਰਸ਼ੀ ਢੰਗ ਨਾਲ ਰੈਗੂਲਰ ਮੁਲਾਜ਼ਮਾਂ ਦੀ ਭਰਤੀ ਲਈ ਅਪਣਾਏ ਜਾਂਦੇ ਤੈਅ ਮਾਪਦੰਡਾਂ ਅਨੁਸਾਰ ਹੋਈ ਹੈ। ਇਸ ਸਬੰਧੀ ਨਰੇਗਾ ਮੁਲਾਜਮ ਨੂੰ ਪੱਕੇ ਕਰਨ ਲਈ ਮੰਗ ਪੱਤਰ ਬਲਾਕ ਧੂਰੀ, ਸੇਰਪੁਰ ਵੱਲੋਂ ਬਲਜੀਤ ਸਿੰਘ ਜਹਾਂਗੀਰ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਨੂੰ ਦਿੱਤਾ ਗਿਆ । ਆਗੂਆਂ ਨੇ ਕਿਹਾ ਕਿ ਆਪ ਸਰਕਾਰ ਦੇ ਮੁੱਖ ਏਜੰਡੇ ਇਮਾਨਦਾਰੀ, ਲੋੜਵੰਦ ਬੇਜਰੁਜਗਾਰ ਪਰਿਵਾਰਾਂ ਨੂੰ ਰੋਜਗਾਰ ਮੁਹੱਈਆਂ ਕਰਵਾਉਣ, ਲੋੜਵੰਦ ਪਰਿਵਾਰਾਂ ਲਈ ਮਕਾਨ ਬਣਾਉਣ, ਛੱਪੜਾਂ ਦਾ ਨਵੀਨੀਕਰਨ, ਈ-ਗਵਰਨੈਂਸ, ਪੇਂਡੂ ਖੇਡਾਂ ਲਈ ਗਰਾਉਂਡ, ਪਿੰਡਾਂ ਦਾ ਸਰਵਪੱਖੀ ਵਿਕਾਸ, ਦਲਿਤ ਭਲਾਈ ਸਕੀਮਾਂ, ਪੰਚਾਇਤ ਘਰ, ਆਂਗਣਵਾੜੀ ਸੈਂਟਰਾਂ, ਸਕੂਲਾਂ ਆਦਿ ਲਈ ਬਿਹਤਰ ਇਨਟ੍ਰਾਸਟਕਚਰ, ਵਾਤਾਵਰਨ ਦੀ ਸ਼ੁੱਧਤਾ, ਧਰਤੀ ਹੇਠਲੇ ਪਾਣੀ ਦੀ ਸੰਭਾਲ, ਪੰਚਾਇਤੀ ਜਮੀਨਾਂ ਦੀ ਸਾਂਭ-ਸੰਭਾਲ ਨਰੇਗਾ ਤਹਿਤ ਹੀ ਲਾਗੂ ਹੋ ਰਹੇ ਹਨ। ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਮਗਨਰੇਗਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਕੇਸ ਆਪ ਜੀ ਵੱਲੋਂ ਤੇ ਪੰਚਾਇਤ ਵਿਭਾਗ ਵਿੱਚ ਕੰਮ ਕਰਦੇ ਬੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਚੁਣੀ ਹੋਈ ਕਮੇਟੀ ਵੱਲੋਂ ਕੇਸ ਤਿਆਰ ਕਰਕੇ ਪ੍ਰਸੋਨਲ ਵਿਭਾਗ ਨੂੰ ਭੇਜਿਆ ਜਾ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਈ ਲਖਵਿੰਦਰ ਸਿੰਘ ਪੱਡਾ ਹੈਡ ਗ੍ਰੰਥੀ ਗੁਰਦੁਆਰਾ ਸਾਹਿਬ ਸੂਰੋ ਪੱਡਾ ਦੇ ਨਮਿਤ

# ਅੰਤਿਮ ਅਰਦਾਸ ਅਤੇ ਭੋਗ ਪਾਏ ਗਏ

## ਦਮਦਮੀ ਟਕਸਾਲ ਦੇ ਰਾਗੀ ਭਾਈ ਬਲਦੇਵ ਸਿੰਘ ਜੀ ਜਥੇ ਨੇ ਵੈਰਾਗ ਮਈ ਕੀਰਤਨ ਸੰਗਤਾਂ ਨੂੰ ਸਰਵਨ ਕਰਵਾਇਆ ਅਤੇ ਗਿਆਨੀ ਸੁੱਚਾ ਸਿੰਘ ਕਥਾ ਵਿਚਾਰਾਂ ਦੀ ਸਾਂਝ ਪਾਈ









ਚੌਂਕ ਮਹਿਤਾ, 1 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )-ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੇ ਪਵਿੱਤਰ ਪਾਵਨ ਸਹਜ ਪਾਠ ਅਤ ਉਪਰੰਤ ਗੁਰਦੁਆਰਾ ਧੰ ਨ ਧੰਨ ਬਾਬਾ ਬੁੱਢਾ ਸਾਹਿਬ ਦੇ ਹਜੂਰੀ ਰਾਗੀ ਸਰਵਨ ਸਿੰਘ ਜੀ ਦੇ ਜਥੇ ਨੇ ਵੈਰਾਗ ਮਈ ਕੀਰਤਨ ਕੀਤਾ ਗਿਆ ਉਪਰੰਤ ਦਮਦਮੀ ਟਕਸਾਲ ਦੇ ਰਾਗੀ ਭਾਈ ਬਲਦੇਵ ਸਿੰਘ ਜੀ ਜਥੇ ਨੇ ਵੈਰਾਗ ਮਈ ਕੀਰਤਨ ਸੰਗਤਾਂ ਨੂੰ ਸਰਵਨ ਕਰਵਾਇਆ ਗਿਆਨੀ ਸੁੱਚਾ ਸਿੰਘ ਕਥਾ ਵਿਚਾਰਾਂ ਦੀ ਸਾਂਝ ਪਾਈ। ਗਿਆਨੀ ਬਲਵੀਰ ਸਿੰਘ ਕਥਾਵਾਚਕ ਨੇ ਸਟੇਟ ਸੈਕਟਰੀ ਸੇਵਾ ਨਿਭਾਈ ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੁੱਖੀ ਸ੍ਰੀ ਮਾਨ ਸੰਤ ਸਿੰਘ ਹਰਨਾਮ ਸਿੰਘ ਜੀ ਖਾਲਸਾ ਵੱਲੋਂ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਬਾਬਾ ਸੁਖਦੇਵ ਸਿੰਘ ਜੀ ਅਤੇ ਤਰਨਾ ਦੱਲ ਮਹਿਤਾ ਦੇ ਜਥੇਦਾਰ ਅਜੀਤ ਸਿੰਘ ਨੇ ਹਾਜਰੀ ਭਰੀਆਂ। ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਜੀ ਬੇਰ ਸਾਹਿਬ ਬੋਪਾਰਾਏ ਵਾਲਿਆਂ ਨੇ ਆਪਣੇ ਜਥੇ ਸਮੇਤ ਹਾਜਰੀਆ ਭਰੀਆਂ। ਪ੍ਰਿੰਸੀਪਲ ਸੁਖਵਿੰਦਰ ਸਿੰਘ ਪੱਡਾ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ,ਸਰਪੰਚ ਜਸਪਾਲ ਸਿੰਘ, ਭਾਈ ਲਾਭ ਸਿੰਘ ਖੁਜਾਲਾ, ਸਾਬਕਾ ਸਰਪੰਚ ਕਸ਼ਮੀਰ ਸਿੰਘ,ਜਗਤਾਰ ਸਿੰਘ ਅਤੇ ਹੋਰ ਪ੍ਰਮੁਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਯੂਨੀਵਰਸਿਟੀ ਕਾਲਜ ਬੇਨੜਾ ਦੀ

# ਇੱਕ ਰੋਜ਼ਾ ਐਥਲੈਟਿਕ ਮੀਟ ਸੰਪੰਨ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ 8ਵੀਂ ਸਲਾਨਾ ਐਥਲੈਟਿਕ ਮੀਟ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਸਰਪ੍ਰਸਤੀ ਵਿੱਚ ਕਰਵਾਈ ਗਈ। ਇਸ ਮੀਟ ਦੇ ਉਦਘਾਟਨੀ ਸਮਾਰੋਹ ਸਮੇਂ ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਦਲਬੀਰ ਸਿੰਘ ਢਿੱਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਕਿਹਾ ਕਿ ਸਿੱਖਿਆ ਸਰਕਾਰ ਦਾ ਮੁੱਖ ਮਨੋਰਥ ਹੈ। ਕਾਲਜ ਦੀ ਹਰ ਮੰਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਪੂਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਆਪਣੇ ਮੰਤਵ ਨੂੰ ਮੁੱਖ ਰੱਖ ਕੇ ਮਿਹਨਤ ਕਰਨ ਨਾਲ ਫ਼ਲ ਜ਼ਰੂਰ ਮਿਲਦਾ ਹੈ। ਸਰੀਰਿਕ ਸਿੱਖਿਆ ਵਿਭਾਗ ਦੇ ਐਸੋਸੀਏਟ ਪ੍ਰੋਫ਼ੈਸਰ ਤੇ ਐਥਲੈਟਿਕ ਮੀਟ ਦੇ ਪ੍ਰਬੰਧਕੀ ਸਕੱਤਰ ਡਾ. ਸੰਜੀਵ ਦੱਤਾ ਨੇ ਕਿਹਾ ਕਿ ਲੜਕੇ ਤੇ ਲੜਕੀਆਂ ਨੇ ਰੇਸ, ਰਿਲੇਅ, ਲੰਮੀ ਛਾਲ, ਡਿਸਕਸ, ਗੋਲਾ ਸੁੱਟਣਾ, ਰੱਸਾਕਸ਼ੀ ਅਤੇ ਤਿੰਨ ਟੰਗੀ ਦੌੜ ਦੇ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। ਇਸ ਖੇਡ ਸਮਾਰੋਹ ਵਿੱਚ ਸਰਵੋਤਮ ਹਾਊਸ ਸ਼ਹੀਦ ਭਗਤ ਸਿੰਘ, ਲੜਕਿਆਂ ਵਿੱਚੋਂ ਸਰਵੋਤਮ ਅਥਲੀਟ ਗੁਰਪ੍ਰੀਤ ਸਿੰਘ ਅਤੇ ਲੜਕੀਆਂ ਵਿੱਚੋਂ ਸਰਵੋਤਮ ਅਥਲੀਟ ਰਜਨੀ ਗਰਗ ਨੂੰ ਐਲਾਨ ਕੀਤਾ ਗਿਆ।

ਗਊ ਸੇਵਾ ਕਮਿਸ਼ਨ ਪੰਜਾਬ ਦੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਲੱਖਾ ਨੇ ਖਿਡਾਰੀਆਂ ਲਈ ਮੈਡਲ ਅਤੇ ਟਰਾਫ਼ੀਆਂ ਦਾ ਪ੍ਰਬੰਧ ਕਰਨ ਲਈ ਪੰਦਰਾਂ ਹਜ਼ਾਰ ਰੁਪਏ ਦਿੱਤੇ। ਕਾਲਜ ਤੋਂ ਪਾਸ ਹੋਏ ਵਿਦਿਆਰਥੀ ਦਿਲਪ੍ਰੀਤ ਸਿੰਘ ਨੇ ਖਿਡਾਰੀਆਂ ਲਈ ਰਿਫਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਕੀਤਾ। ਇਸੇ ਤਰ੍ਹਾਂ ਗੁਰਦੁਆਰਾ ਸ਼ਹੀਦਸਰ ਢੱਕੀ ਸਾਹਿਬ ਦੇ ਬਾਬਾ ਸਤਿਗੁਰ ਸਿੰਘ ਨੇ ਵਿਦਿਆਰਥੀਆਂ ਤੇ ਸਟਾਫ਼ ਲਈ ਪਕੌੜਿਆਂ ਦਾ ਪ੍ਰਬੰਧ ਕੀਤਾ। ਕਾਲਜ ਦੇ ਪ੍ਰੋ. ਗੁਰਦੀਪ ਸਿੰਘ ਤੇ ਪ੍ਰੋ. ਅਮਰਪ੍ਰੀਤ ਕੌਰ ਨੇ ਵੀ ਰਿਫਰੈਸ਼ਮੈਂਟ ਲਈ ਵਿੱਤੀ ਯੋਗਦਾਨ ਪਾਇਆ। ਵਿਦਿਆਰਥੀਆਂ ਦੇ ਰੱਸਾਕਸ਼ੀ ਦੇ ਅਭਿਆਸ ਲਈ ਕੈਨੇਡਾ ਵਾਸੀ ਸੁਖਵੀਰ ਸਿੰਘ ਧੂਰਾ ਨੇ ਕਾਲਜ ਨੂੰ ਰੱਸਾ ਭੇਂਟ ਕੀਤਾ ਅਤੇ ਰਾਹੁਲ ਕੁਮਾਰ ਨੇ ਐਥਲੈਟਿਕ ਮੀਟ ਦੀ ਮੁਫ਼ਤ ਫ਼ੋਟੋਗ੍ਰਾਫੀ ਕੀਤੀ। ਕਾਲਜ ਪ੍ਰਿੰਸੀਪਲ ਨੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਨੂੰ ਸਨਮਾਨਿਤ ਕਰਨ ਦੇ ਨਾਲ ਉਨ੍ਹਾਂ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਪ੍ਰਿੰਸੀਪਲ ਨੇ ਖੇਡ ਸਮਾਰੋਹ ਨੂੰ ਸਫ਼ਲ ਬਣਾਉਣ ਲਈ ਦਾਨੀ ਸ਼ਖ਼ਸੀਅਤਾਂ ਤੇ ਸਮੂਹ ਸਟਾਫ਼ ਦਾ ਵੀ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਇਸ ਮੌਕੇ ਸਰੀਰਿਕ ਸਿੱਖਿਆ ਵਿਭਾਗ ਦੇ ਪ੍ਰੋ: ਦੀਪਕ ਸਿੰਘ ਤੇ ਪ੍ਰੋ: ਵੀਰਪਾਲ ਕੌਰ ਤੋਂ ਇਲਾਵਾ ਪ੍ਰਿੰਸੀਪਲ ਡਾ. ਅਮਰਜੀਤ ਸਿੰਘ, ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ, ਬੇਨੜਾ ਪਿੰਡ ਦੇ ਸਰਪੰਚ ਗੁਪਾਲ ਕ੍ਰਿਸ਼ਨ, ਰੋਟਰੀ ਕਲੱਬ ਧੂਰੀ ਦੇ ਪ੍ਰਧਾਨ ਰੋਟੇਰੀਅਨ ਬਲਜੀਤ ਸਿੰਘ ਸਿੱਧੂ, ਰੋਟੇਰੀਅਨ ਮੱਖਣ ਲਾਲ ਗਰਗ ਤੇ ਉਨ੍ਹਾਂ ਦੀ ਧਰਮ ਪਤਨੀ ਆਸ਼ਾ ਗਰਗ, ਰੋਟੇਰੀਅਨ ਮਦਨ ਲਾਲ ਸ਼ਰਮਾ, ਰੋਟੇਰੀਅਨ ਸੀ.ਐੱਸ. ਮੁਸਾਫਿਰ, ਰੋਟੇਰੀਅਨ ਸੁਮਿਤ ਕੁਮਾਰ, ਡਾ. ਸਤਪਾਲ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਜਸਵੀਰ ਸਿੰਘ, ਪੰਜਾਬ ਸਰਕਾਰ ਦੇ ਵਿੱਤ ਵਿਭਾਗ ਤੋਂ ਸੰਦੀਪ ਸਿੰਘ ਵੀ ਹਾਜ਼ਰ ਸਨ।

## ਟੀ. ਬੀ. ਮੁਕਤ ਭਾਰਤ ਸਿਰਜਣ ਦੇ ਮਨੋਰਥ ਨਾਲ

# ਸਤਲੁਜ ਪ੍ਰੈਸ ਕਲੱਬ ਵਿਚ ਲਾਇਆ ਜਾਗਰੂਕਤਾ ਸੈਮੀਨਾਰ




**ਫ਼ਿਰੋਜ਼ਪੁਰ, 1 ਮਾਰਚ (ਮਨੋਹਰ ਲਾਲ) :—** ਟੀ.ਬੀ ਮੁਕਤ ਭਾਰਤ ਦੀ ਸਿਰਜਣਾ ਕਰਨ ਦੇ ਮਨੋਰਥ ਨਾਲ ਸਿਵਲ ਸਰਜਨ ਫ਼ਿਰੋਜ਼ਪੁਰ ਡਾ: ਰਾਜਵਿੰਦਰ ਕੌਰ ਦੀ ਯੋਗ ਅਗਵਾਈ ਅਤੇ ਡਾ: ਸਤਿੰਕਰ ਕੌਰ ਜ਼ਿਲ੍ਹਾ ਟੀ.ਬੀ ਅਫਸਰ ਦੀ ਨਿਗਰਾਨੀ ਹੇਠ 100 ਦਿਨਾ ਟੀ.ਬੀ ਜਾਗਰੂਕਤਾ ਮੁਹਿੰਮ ਤਹਿਤ ਲੋਕਾਂ ਨੂੰ ਇਸ ਬਿਮਾਰੀ ਦੇ ਲੱਛਣਾਂ ਅਤੇ ਬਚਾਓ ਤੋਂ ਕਰਵਾਇਆ ਜਾਣੂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਭਾਰਤ ਨੂੰ ਟੀ.ਬੀ ਮੁਕਤ ਕਰਨ ਲਈ ਜ਼ਿਲ੍ਹਾ ਸਿਹਤ ਪ੍ਰਸ਼ਾਸਕ ਵੱਲੋਂ ਵੱਖ—ਵੱਖ ਟੀਮਾਂ ਬਣਾ ਕੇ ਜ਼ਿਲ੍ਹੇ ਦੇ ਪਿੰਡਾਂ, ਕਸਬਿਆਂ ਅਤੇ ਸੰਘਣੀ ਆਬਾਦੀ ਵਾਲੇ ਇਲਾਕਿਆਂ ਵਿਚ ਕੈਂਪ ਲਗਾ ਕੇ ਟੀ.ਬੀ ਦੀ ਬਿਮਾਰੀ ਬਾਰੇ ਜਾਗਰੂਕ ਕੀਤਾ ਗਿਆ ਅਤੇ ਟੀ.ਬੀ ਦੇ ਲੱਛਣਾਂ ਵਾਲੇ ਮਰੀਜਾਂ ਦੇ ਬਲਗਮ ਦੇ ਟੈਸਟ ਅਤੇ ਐਕਸਰੇ ਆਦਿ ਕੀਤੇ ਗਏ। ਇਸ ਦੌਰਾਨ ਡਾ: ਸਤਿੰਦਰ ਕੌਰ ਓਬਰਾਏ ਜ਼ਿਲ੍ਹਾ ਟੀ.ਬੀ ਅਫਸਰ ਫ਼ਿਰੋਜ਼ਪੁਰ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ ਹੁਣ ਤੱਕ 58 ਕੈਂਪ ਲਗਾ ਕੇ 90200 ਲੋਕਾਂ ਦੀ ਸਕਰੀਨਿੰਗ ਕੀਤੀ ਗਈ ਹੈ ਅਤੇ 3577 ਸ਼ੱਕੀ ਮਰੀਜਾਂ ਦੇ ਬਲਗਮ ਦੇ ਟੈਸਟ ਕੀਤੇ ਗਏ ਅਤੇ ਇਸ ਦੌਰਾਨ 1742 ਮਰੀਜਾਂ ਦੇ ਐਕਸਰੇ ਬਿਲਕੁਲ ਫਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਵੱਖ—ਵੱਖ ਟੀਮਾਂ ਵੱਲੋਂ ਨਾ ਸਿਰਫ ਲੋਕਾਂ ਨੂੰ ਟੀ.ਬੀ ਤੋਂ ਜਾਗਰੂਕ ਕੀਤਾ ਗਿਆ, ਬਲਕਿ ਵੱਖ—ਵੱਖ ਸੰਸਥਾਵਾਂ ਜਿਵੇਂ ਸ਼ਹੀਦ ਭਗਤ ਸਿੰਘ ਨਰਸਿੰਗ ਕਾਲਜ ਸੋਡੇਵਾਲਾ, ਜੈਨਸਿਸ ਨਰਸਿੰਗ ਕਾਲਜ ਅਤੇ ਐਚ.ਕੇ.ਐਲ ਨਰਸਿੰਗ ਕਾਲਜ ਵਿਖੇ ਐਕਸਰੇ ਮੋਬਾਇਲ ਵੈਨ ਲਿਜਾ ਕੇ ਵਿਦਿਆਰਥੀਆਂ ਦੀ ਵੀ ਸਕਰੀਨਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸੇ ਮੁਹਿੰਮ ਤਹਿਤ 28 ਫਰਵਰੀ ਨੂੰ ਸਤਲੁਜ਼ ਪ੍ਰੈਸ ਕਲੱਬ ਫ਼ਿਰੋਜ਼ਪੁਰ ਦੇ ਚੇਅਰਮੈਨ ਵਿਜੈ ਸ਼ਰਮਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸਿਹਤ ਪ੍ਰਸ਼ਾਸਨ ਵੱਲੋਂ ਟੀ.ਬੀ ਜਾਗਰੂਕਤਾ ਮੁਹਿੰਮ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਟੀ.ਬੀ ਮੁਕਤ ਭਾਰਤ ਮਿਸ਼ਨ 2025 ਨੂੰ ਸਫਲਤਾ ਪੂਰਵਕ ਨੇਪਰੇ ਚਾੜਣ ਲਈ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਸਤਲੁਜ਼ ਪ੍ਰੈਸ ਕਲੱਬ ਦੇ ਮੈਂਬਰ ਸੁਖਵਿੰਦਰ ਸਿੰਘ, ਤਰੁਣ ਜੈਨ, ਰਾਜੇਸ਼ ਕਪੂਰ, ਜ਼ਸਪਾਲ ਸਿੰਘ, ਮਨੋਹਰ ਲਾਲ ਅਤੇ ਸਿਹਤ ਵਿਭਾਗ ਦੇ ਰਾਜ ਕੁਮਾਰ ਕੁੱਕੜ ਫਾਰਮੇਸੀ ਅਫਸਰ ਅਤੇ ਰਾਜਦੀਪ ਸਿੰਘ ਟੀ.ਬੀ.ਐਚ.ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਉੱਦਮੀ ਮਹਿਲਾਵਾਂ ਨੂੰ ਆਯਰਨ ਲੇਡੀ ਐਵਾਰਡ ਮਿਲੇਗਾ, ਕੌਮਾਂਤਰੀ ਮਹਿਲਾ ਦਿਵਸ ਮੌਕੇ ਸਨਮਾਨ ਸਮਾਰੋਹ 9 ਨੂੰ : ਮੱਟੂ



ਜੰਡਿਆਲਾ ਗੁਰੂ 1 ਮਾਰਚ( ਕੁਲਵੰਤ ਸਿੰਘ ਵਿਰਦੀ) ਜ਼ਿਲ੍ਹੇ ਦੇ ਸਕੂਲ ਮੁੱਖੀਆਂ, ਸਮਾਜ ਸੇਵੀਆ,ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਭਰੂਣ ਹੱਤਿਆ ਖ਼ਿਲਾਫ਼ ਹਾਅ ਦਾ ਨਾਅਰਾ ਮਾਰਣ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ, ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਅਤੇ ਪ੍ਰਸਿੱਧ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਨੇ 9 ਮਾਰਚ (ਐਤਵਾਰ) ਨੂੰ ਕੌਮਾਂਤਰੀ ਮਹਿਲਾ ਦਿਵਸ ਮੌਕੇ ਵਿਰਸਾ ਵਿਹਾਰ, ਗਾਂਧੀ ਗ੍ਰਾਊਂਡ, ਅੰਮ੍ਰਿਤਸਰ ਦੇ ਕਰਤਾਰ ਸਿੰਘ ਦੁੱਗਲ, ਹਾਲ ਵਿਖ਼ੇ ਹੋਣ ਵਾਲੇ ਸਨਮਾਨ ਸਮਾਰੋਹ ਦਾ ਸੱਦਾ ਪੱਤਰ ਡਾ.ਜਸਬੀਰ ਸਿੰਘ ਸੰਧੂ (ਵਿਧਾਇਕ ਹਲਕਾ ਪੱਛਮੀ) ਨੂੰ ਸੱਦਾ ਪੱਤਰ ਦਿੰਦੇ ਹੋਏ ਜਾਣਕਾਰੀ ਦਿੰਦਿਆਂ ਕਿਹਾ ਕਿ ਵਿੱਦਿਆ, ਖੇਡਾਂ, ਸਮਾਜ ਸੇਵਾ,ਡਾਕਟਰੀ ਖ਼ੇਤਰ ਅਤੇ ਹੋਰਨਾਂ ਵਿਸ਼ਿਆਂ ਵਿੱਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਵਾਲੀਆ ਉੱਦਮੀ ਮਹਿਲਾਵਾਂ ਨੂੰ ਆਯਰਨ ਲੇਡੀ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਸਨਮਾਨਿਤ ਹੋਣ ਵਾਲੀਆ ਮਹਿਲਾਵਾਂ ਨੂੰ ਸੱਦਾ ਪੱਤਰ ਭੇਜ ਦਿੱਤੇ ਗਏ ਹਨ। ਸਾਰੀਆਂ ਤਿਆਰੀਆ ਹੋ ਗਈਆ ਹਨ। ਇਸ ਸਮਾਰੋਹ ਨੂੰ ਸਫਲਤਾਪੂਰਵਕ ਨੇਪਰੇ ਚਾੜਨ ਲਯੀ ਮੁੱਖ ਸਰਪ੍ਰਸਤ ਰਾਜੇਸ਼ ਸ਼ਰਮਾ (ਐਸਡੀਐਮ) ਚੇਅਰਮੈਨ ਹਰਦੇਸ਼ ਸ਼ਰਮਾ,ਵਾਇਸ ਚੇਅਰਮੈਨ ਮਖਤੂਲ ਸਿੰਘ ਔਲਖ, ਵਾਇਸ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ (ਯੂਕੇ),ਸੀਨੀਅਰ ਮੀਤ ਪ੍ਰਧਾਨ ਨਿਰਵੈਰ ਸਿੰਘ ਸਰਕਾਰੀਆ,ਮੀਤ ਪ੍ਰਧਾਨ ਜੀਤ ਸਲੂਜਾ,ਮੀਤ ਪ੍ਰਧਾਨ ਐਡਵੋਕੇਟ ਅਜੈ ਕੁਮਾਰ ਵਰਮਾਨੀ, ਡਾਇਰੈਕਟਰ ਮੰਗਲ ਸਿੰਘ ਕਿਸ਼ਨਪੁਰੀ, ਨਿਰਵੈਰ ਸਿੰਘ,ਪ੍ਰਿੰ.ਰਾਜੇਸ਼ ਪ੍ਰਭਾਕਰ, ਸ.ਗੁਰਦੇਵ ਸਿੰਘ ਮਾਹਲ, ਸ਼੍ਰੀਮਤੀ ਕੰਵਲਜੀਤ ਕੌਰ ਟੀਨਾ,ਸੀਮਾ ਚੋਪੜਾ, ਨਰਿੰਦਰ ਕੌਰ,ਕਰਮਜੀਤ ਕੌਰ ਜੱਸਲ ਦਾ ਸਹਿਯੋਗ ਰਹੇਗਾ ਇਸ ਮੌਕੇ ਪੀਏ ਅਮਰਜੀਤ ਸਿੰਘ ਵੀਂ ਮੌਜੂਦ ਸਨ।

# ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਿਗਿਆਨ ਦਿਵਸ ਮਨਾਇਆ ਗਿਆ



**ਫ਼ਿਰੋਜ਼ਪੁਰ, 1 ਮਾਰਚ (ਮਨੋਹਰ ਲਾਲ) :—** ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਨੈਸ਼ਨਲ ਵਿਗਿਆਨ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਚਾਰਟ ਬਣਾ ਕੇ ਪ੍ਰਦਰਸ਼ਨੀ ਲਗਾਈ ਗਈ। ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਸਾਇੰਸ ਦੇ ਵਿੱਚ ਰੁਚੀ ਰੱਖਣੀ ਚਾਹੀਦੀ ਹੈ ਅਤੇ ਉਸ ਦੀ ਜਾਣਕਾਰੀ ਲੈਣੀ ਚਾਹੀਦੀ ਹੈ ਕਿਉਂਕਿ ਵਿਗਿਆਨ ਦੀ ਮਦਦ ਸਦਕਾ ਅੱਜ ਦਾ ਡਿਜਿਟਲ ਯੁੱਗ ਹੋਂਦ ਵਿੱਚ ਆਇਆ ਹੈ ਅਤੇ ਸੰਸਾਰ ਦੀਆਂ ਹਰ ਸੁੱਖ ਸਹੂਲਤਾਂ ਸਾਕਾਰ ਹੋ ਰਹੀਆਂ ਹਨ ਅਤੇ ਵਿਗਿਆਨ ਦੀ ਜਾਣਕਾਰੀ ਦੇ ਨਾਲ ਹੀ ਅਸੀਂ ਅੰਧ ਵਿਸ਼ਵਾਸਾਂ ਚੋਂ ਬਾਹਰ ਆ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਆਲੇ—ਦੁਆਲੇ ਆਪਣੀ ਇਰਦ—ਗਿਰਦ ਵੱਧ ਤੋਂ ਵੱਧ ਦਰੱਖਤ ਲਾਉਣੇ ਚਾਹੀਦੇ ਹਨ ਅਤੇ ਵਾਤਾਵਰਨ ਨੂੰ ਸਾਫ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਅਧਿਆਪਕ ਹਾਜ਼ਰ ਸਨ।

# ਸੋ ਹੱਥਾਂ ਰਸਾ ਸਿਰੇ ਤੇ ਗੰਢ ਵਾਲਾ ਇਹੀ ਹਾਲ ਪੰਜਾਬ ਦਾ : ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 1 ਮਾਰਚ (ਮਨੋਹਰ ਲਾਲ) :—**ਅੱਜ ਪੰਜਾਬ ਵਿਚ ਉਹ ਗੱਲ ਫੁੱਲਾਂ ਵਿਚੋਂ ਫੁੱਲ ਗੁਲਾਬ, ਦੇਸ਼ਾਂ ਵਿਚ ਦੇਸ਼ ਪੰਜਾਬ ਨੀ ਸਈਓ ਕਿਸੇ ਵੀ ਖੇਤਰ ਵਿਚ ਦੇਖਣ ਨੂੰ ਨਹੀਂ ਮਿਲ ਰਹੀ, ਨਾ ਉਹ ਹਾਸੇ ਨਾ ਉਹ ਸਿਹਤਾਨਾ, ਉਹ ਘਰਾਂ, ਸਮਾਜ, ਦੇਸ਼ ਵਿਚ ਰੌਣਕਾਂ ਭਾਵੇਂ ਜਿਨ੍ਹਾਂ ਪਿੰਡਾਂ ਵਿਚ ਕਦੇ ਕਿਸੇ ਨੇ ਸੌ ਦਾ ਨੋਟ ਨਹੀਂ ਸੀ ਦੇਖਿਆ ਪਰ ਉਹ ਖੁਸ਼ੀਆਂ, ਸਾਂਝ ਇਕ ਦੂਜੇ ਦੇ ਰੋਟੀ ਤੇ ਬੋਟੀ ਭਾਵ ਇਜਤ ਸਾਂਝੀ ਦੁੱਖ ਦੇ ਸਾਥੀ ਪਿੰਡ ਵਿਚ ਕਿਸੇ ਕੋਲ ਸਾਇਕਲ ਵੀ ਨਹੀਂ ਸੀ ਹੁੰਦਾ, ਜਦੋਂ ਕਿ ਅੱਜ ਹਰ ਘਰ ਵਿਚ ਇਨ੍ਹਾਂ ਵਹੀਕਲਾਂ ਦੀਆਂ ਲਾਇਨਾਂ, ਬੈਂਕਾਂ ਵਿਚ ਨੋਟਾਂ ਦੀ ਭਰਮਾਰ, ਕੋਠੀਆਂ ਪਰ ਰਹਿਣ ਵਾਲੇ ਟਾਵਾ—ਟਾਵਾ ਇਕ—ਇਕ ਦੋ—ਦੋ ਬੱਚੇ ਉਹ ਵੀ ਬਾਹਰਲੇ ਮੁਲਕਾਂ ਜਾਂ ਫਿਰ ਵੱਖਰਾ ਜਾਂ ਦੂਰ—ਦੁਰਾਡੇ ਬਹੁਤੇ ਨਸ਼ਿਆਂ ਦੀ ਆਦਿ ਚੱਲ ਬੱਸੇ ਜਾਂ ਜਾਨ ਦੀ ਤਿਆਰੀ ਜਾਂ ਫਿਰ ਥਾਣੇ ਕਚਹਿਰੀ ਜੇਲ੍ਹਾਂ ਦੀ ਹਵਾ, ਸਕੂਲਾਂ ਵਿਚ ਜਿਥੇ ਬਹੁਤ ਘੱਟ ਲੋਕ ਪੜ੍ਹਾਉਂਦੇ, ਲੜਕੀਆਂ ਨੂੰ ਤਾਂ ਸਕੂਲਾਂ ਅੱਗੋਂ ਵੀ ਨਹੀਂ ਲੰਘਣ ਦਿੰਦੇ, ਮੂੰਡੇ ਕੁੜੀਆਂ ਇਕੱਠੇ ਨਹੀਂ ਸੀ ਪੜ੍ਹਾਉਂਦੇ, ਸੋ ਅੱਜ ਇਨ੍ਹਾਂ ਸਕੂਲਾਂ ਵਿਚੋਂ ਦੇਸ਼ ਭਗਤ ਸੂਰਬੀਰ ਯੋਧੇ ਭਗਤਜਨ ਜਾਂ ਦਾਤਾ ਅੱਜ ਚੋਰ ਉੱਚਕੇ ਚੌਧਰੀ, ਗੁੰਡੀ ਰਣ ਪ੍ਰਧਾਨ ਪੈਦਾ ਹੋ ਹੋ ਘਰਾਂ, ਪਿੰਡਾਂ, ਸ਼ਹਿਰਾਂ ਤੇ ਦੇਸ਼ ਦੁਨਿਆਂ ਵਿਚ ਨਸ਼ਿਆਂ ਦੇ ਖਾਣ ਵੇਚਣ ਦੇ ਵੱਡੇ—ਵੱਡੇ ਵਿਉਪਾਰੀ, ਗੈਂਗਸਟਰ, ਅੰਤਕਵਾਦੀ ਫਿਰਕਾ ਪਰਸਤ, ਧਰਮ ਜਾਤ—ਪਾਤ ਮਦਰਸਿਆ, ਧਾਰਮਿਕ ਦਾਇਰਿਆਂ ਵਿਚੋਂ ਨਫਰਤ ਈਰਖਾ ਰਾਗ ਦਵੇਸ਼ ਦੇਸ਼ ਦੀਆਂ ਵੰਡੀਆਂ ਪਾਉਣ, ਇਕ—ਦੂਜੇ ਨੂੰ ਮਾਰਣ ਮਰਵਾਉਣ, ਆਪਣੇ ਹੀ ਨਹੀਂ ਦੂਜੀਆਂ ਦੇਸ਼ਾਂ ਵਿਚ ਗੈਂਗਸਟਰ ਬਨ ਨਾ ਖੇਡਣਾ ਨਾ ਖੇਡਣ ਦੇਣ ਖੁਤੀ ਵਿਚ ਮੂਤਣਾ।

### ਸ੍ਰੀ ਆਨੰਦਪੁਰ ਸਾਹਿਬ ਵਿਖੇ ਹੁਲੜਬਾਜਾਂ ਨਾਲ ਲੋਹਾ ਲੈ ਕੇ ਸ਼ਹੀਦ ਹੋਏ ਭਾਈ ਪਰਦੀਪ ਸਿੰਘ ਖਾਲਸਾ ਦੀ

# ਦੂਸਰੀ ਬਰਸੀ 6 ਨੂੰ ਗਾਜ਼ੀ ਕੋਟ ਵਿਖੇ ਮਨਾਈ ਜਾਵੇਗੀ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 1 ਮਾਰਚ ( ਕੁਲਵੰਤ ਸਿੰਘ ਵਿਰਦੀ)**-ਸ੍ਰੀ ਆਨੰਦਪੁਰ ਸਾਹਿਬ ਦੇ ਇਤਿਹਾਸਕ ਜੋੜ ਮੇਲੇ ਤੇ ਹੁਲੜਬਾਜਾਂ ਨਾਲ਼ ਲੋਹਾ ਲੈਂ ਕੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਗੁਰਦਾਸਪੁਰ ਦੇ ਸ਼ਹੀਦ ਭਾਈ ਪਰਦੀਪ ਸਿੰਘ ਖਾਲਸਾ ਗਾਜ਼ੀ ਕੋਟ ਦੀ ਦੂਸਰੀ ਬਰਸੀ 6 ਮਾਰਚ ਨੂੰ ਉਨ੍ਹਾਂ ਦੇ ਗ੍ਰਹਿ ਵਿਖੇ ਬਹੁਤ ਹੀ ਸ਼ਰਧਾ ਭਾਵਨਾਵਾਂ ਨਾਲ ਸ਼ਹੀਦ ਦੇ ਪਿਤਾ ਸਤਿਕਾਰ ਯੋਗ ਸ੍ਰ ਗੁਰਬਖਸ਼ ਸਿੰਘ ਜੀ ਗਾਜ਼ੀ ਕੋਟ ਤੇ ਪੰਥਕ ਜਥੇਬੰਦੀਆਂ ਸਮੇਤ ਨਿਹੰਗ ਸਿੰਘ ਫ਼ੌਜਾਂ ਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਮਨਾਈ ਜਾ ਰਹੀ ਹੈ ਅਤੇ ਇਸ ਸਬੰਧੀ 4 ਮਾਰਚ ਨੂੰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤੇ ਜਾਣਗੇ,ਜਿਨ੍ਹਾਂ ਦੇ ਸੰਪੂਰਨ ਭੋਗ 6 ਮਾਰਚ ਨੂੰ ਪਾਏ ਜਾਣਗੇ ਤੇ 10/30 ਤੋਂ 1 ਵਜੇ ਤੱਕ ਭਾਈ ਰਣਜੋਧ ਸਿੰਘ ਜੀ ਹਜ਼ੂਰੀ ਜਥਾ ਸ਼ਹੀਦ ਬੀਬੀ ਸੁੰਦਰ ਕੌਰ ਜੀ ਵੱਲੋਂ ਸ਼ਬਦ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਲਵਾ ਕੇ ਸ਼ਹੀਦ ਭਾਈ ਪਰਦੀਪ ਸਿੰਘ ਖਾਲਸਾ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਾਵੇਗੀ,ਸ਼ਹੀਦੀ ਸਮਾਗਮ'ਚ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਪੱਤਰ ਦਿੱਤਾ ਜਾਵੇਗਾ ਤੇ ਮੰਗ ਕੀਤੀ ਜਾਵੇਗੀ ਕਿ ਭਾਈ ਪਰਦੀਪ ਸਿੰਘ ਖਾਲਸਾ ਗਾਜ਼ੀ ਕੋਟ ਨੂੰ ਸ਼ਹੀਦ ਤਾਂ ਅਕਾਲ ਤਖ਼ਤ ਸਾਹਿਬ ਵੱਲੋਂ ਐਲਾਨਿਆ ਗਿਆ,ਪਰ ਉਸ ਨੂੰ ਅਮਲੀ ਰੂਪ'ਚ ਲਿਆਂਦਾ ਜਾਵੇ ਤੇ ਉਨ੍ਹਾਂ ਦੀ ਤਸਵੀਰ ਸਿੱਖ ਅਜਾਇਬ ਘਰ ਵਿੱਚ ਸੰਸੋਬਤ ਕੀਤੀ ਜਾਵੇ ਤਾਂ ਕਿ ਇਤਿਹਾਸਕ ਜੋੜ ਮੇਲਿਆਂ ਤੇ ਹੁਲੜਬਾਜਾਂ ਨੂੰ ਨੱਥ ਪਾਉਣ ਲਈ ਨੌਜਵਾਨਾਂ ਵਿਚ ਉਤਸ਼ਾਹ ਪੈਦਾ ਕੀਤਾ ਜਾ ਸਕੇ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਤੇ ਹੁਲੜਬਾਜਾਂ ਵਿਰੁੱਧ ਵਿੱਢੀ ਮੁਹਿੰਮ ਦੇ ਮੋਹਰੀ ਭਾਈ ਵਿਰਸਾ ਸਿੰਘ ਖਾਲਸਾ ਨੇ ਸ਼ਹੀਦ ਭਾਈ ਪਰਦੀਪ ਸਿੰਘ ਖਾਲਸਾ ਦੇ ਪਿਤਾ ਸ੍ਰ ਗੁਰਬਖਸ਼ ਸਿੰਘ ਜੀ ਤੋਂ ਸ਼ਹੀਦੀ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ,ਉਹਨਾਂ ਭਾਈ ਖਾਲਸਾ ਨੇ ਸਪੱਸ਼ਟ ਕੀਤਾ ਅੱਜ ਤੋਂ ਤਿੰਨ ਸਾਲ ਪਹਿਲਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਇਤਿਹਾਸਕ ਜੋੜ ਮੇਲਿਆਂ ਤੇ ਸਿਆਸੀ ਸਟੇਜਾਂ ਨਾ ਲਾਉਣ ਸਬੰਧੀ ਜਥੇਦਾਰ ਸਾਹਿਬ ਅਕਾਲ ਤਖ਼ਤ ਸਾਹਿਬ ਤੋਂ ਹੁਕਮਨਾਮਾ ਜਾਰੀ ਕਰਨ ਦੀ ਜਿਥੇ ਮੰਗ ਕੀਤੀ ਸੀ, ਉਥੇ ਹੁਲੜਬਾਜਾਂ ਵਿਰੁੱਧ ਵੀ ਸਖ਼ਤ ਕਾਰਵਾਈ ਦੀ ਲਈ ਅਰਜ਼ ਕੀਤੀ ਸੀ, ਭਾਈ ਖਾਲਸਾ ਨੇ ਦੱਸਿਆ ਜਥੇਦਾਰ ਸਾਹਿਬ ਵੱਲੋਂ ਸਿਆਸੀ ਸਟੇਜਾਂ ਨਾ ਲਾਉਣ ਸਬੰਧੀ ਹੁਕਮਨਾਮਾ ਜਾਰੀ ਕੀਤਾ ਗਿਆ, ਇਸ ਹੁਕਮ ਤੇ ਸਰਕਾਰੀ ਧਿਰ ਅਤੇ ਇੱਕਾ ਦੁੱਕਾ ਸਿਆਸੀ ਪਾਰਟੀਆਂ ਨੂੰ ਛੱਡ ਕੇ ਸਭਨਾਂ ਨੇ ਸਟੇਜਾ ਨਹੀਂ ਲਾਈਆਂ ਤੇ ਲੋਕਾਂ ਨੇ ਸੰਤਾਂ ਮਹਾਪੁਰਸ਼ਾਂ ਵੱਲੋਂ ਲਗਾਏ ਜਾਂਦੇ ਧਾਰਮਿਕ ਦੀਵਾਨ'ਚ ਗੁਰੂਬਾਣੀ ਤੇ ਗੁਰ ਇਤਿਹਾਸ ਸਰਵਣ ਕੀਤਾ ਤੇ ਸਿਆਸੀਆਂ ਦੇ ਕੂੜ ਪ੍ਰਚਾਰ ਤੋਂ ਛੁਟਕਾਰਾ ਪਾਇਆ, ਭਾਈ ਖਾਲਸਾ ਨੇ ਕਿਹਾ ਇਸੇ ਤਰ੍ਹਾਂ ਹੁਲੜਬਾਜਾਂ ਨੂੰ ਨੱਥ ਪਾਉਣ ਲਈ ਜਥੇਦਾਰ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਦੋ ਸਾਲ ਪਹਿਲਾਂ ਅਨੰਦਪੁਰ ਸਾਹਿਬ ਦੇ ਇਤਿਹਾਸਕ ਜੋੜ ਮੇਲੇ ਤੇ ਹੁਲੜਬਾਜਾਂ ਨੂੰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਉਲਟ ਹੁਲੜਬਾਜ਼ੀ ਕਰਨ ਤੋਂ ਰੋਕਦੇ ਹੋਏ ਤੇ ਉਨ੍ਹਾਂ ਨਾਲ ਲੋਹਾ ਲੈਂਦੇ ਸ਼ਹੀਦ ਹੋ ਗਏ,ਭਾਈ ਖਾਲਸਾ ਨੇ ਉਨ੍ਹਾਂ ਦੀ ਦੂਸਰੀ ਸ਼ਹੀਦੀ ਬਰਸੀ 6 ਮਾਰਚ ਨੂੰ ਪਿੰਡ ਗਾਜ਼ੀ ਕੋਟ ਗੁਰਦਾਸਪੁਰ ਵਿਖੇ ਮਨਾਈ ਜਾ ਰਹੀ ਹੈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਅਕਾਲ ਤਖ਼ਤ ਸਾਹਿਬ ਤੋਂ ਮੰਗ ਕਰਦੀ ਹੈ ਕਿ ਸ਼ਹੀਦ ਭਾਈ ਪਰਦੀਪ ਸਿੰਘ ਗਾਜ਼ੀ ਕੋਟ ਦੀ ਸ਼ਹੀਦੀ ਨੂੰ ਅਮਲੀ ਰੂਪ'ਚ ਲਿਆਂਦਾ ਜਾਵੇ ਅਤੇ ਉਨ੍ਹਾਂ ਦੀ ਸ਼ਹੀਦੀ ਤਸਵੀਰ ਸਿੱਖ ਅਜਾਇਬ ਘਰ ਵਿੱਚ ਸੰਸੋਬਤ ਕੀਤੀ ਜਾਵੇ, ਉਥੇ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਹੋਲੇ ਮੁਹੱਲੇ ਅਨੰਦਪੁਰ ਵਿਖੇ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਸਾਰੀਆਂ ਸਿਆਸੀ ਪਾਰਟੀਆਂ ਨੂੰ ਸਿਆਸੀ ਸਟੇਜਾਂ ਨਾ ਲਾਉਣ ਦੀਆਂ ਹਦਾਇਤਾਂ ਅਤੇ ਮੋਟਰਸਾਈਕਲ ਟ੍ਰੈਕਟਰਾਂ ਜੀਪਾਂ ਆਦਿ ਤੇ ਉੱਚੀ ਆਵਾਜ਼ ਨਾਲ ਡੈਕ ਤੇ ਹਾਰਨ ਵਿਜਾਉਣ ਵਾਲੇ ਹੁੱਲੜਬਾਜ਼ਾਂ ਨੂੰ ਨੱਥ ਪਾਉਣ ਲਈ ਵਿਸ਼ੇਸ਼ ਕਦਮ ਚੁੱਕਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ ਤਾਂ ਕਿ ਹੋਲੇ ਮੁਹੱਲੇ ਅਨੰਦਪੁਰ ਸਾਹਿਬ ਵਿਖੇ ਦੇਸ਼ਾਂ ਵਿਦੇਸ਼ਾਂ ਦੀਆਂ ਸ਼ਰਧਾਵਾਨ ਸੰਗਤਾਂ ਸਿਆਸੀ ਪਾਰਟੀਆਂ ਦੇ ਕੂੜ ਪ੍ਰਚਾਰ ਤੋਂ ਮੁਕਤ ਹੋ ਕੇ ਗੁਰਬਾਣੀ ਇਤਿਹਾਸ ਸਰਵਣ ਕਰਕੇ ਆਪਣੀ ਯਾਤਰਾ ਸਫ਼ਲ ਬਣਾ ਸਕਣ, ਭਾਈ ਖਾਲਸਾ ਨੇ ਦੱਸਿਆ ਸ਼ਹੀਦੀ ਸਮਾਗਮ'ਚ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਤੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ,ਜਥੇਦਾਰ ਬਾਬਾ ਜੋਗਾ ਤਰਨਾ ਦਲ ਬਾਬਾ ਬਕਾਲਾ, ਜਥੇਦਾਰ ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ ਵਾਲੇ, ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ ਸ਼ਹੀਦੀ ਦੇਗਾਂ ਵਾਲੇ, ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ,ਦਸਮੇਸ਼ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਜਥੇਦਾਰ ਬਾਬਾ ਸੁਖਪਾਲ ਸਿੰਘ ਮਾਲਵਾ ਤਰਨਾ ਦਲ,ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ, ਸਰਬੱਤ ਖਾਲਸਾ ਦੇ ਕਮਾਂਡਰ ਭਾਈ ਮੋਹਕਮ ਸਿੰਘ ਜੀ ਦਮਦਮੀ ਟਕਸਾਲ, ਖਾੜਕੂ ਲਹਿਰ ਦੇ ਮੋਹਰੀ ਤੇ ਮਹਾਨ ਪੰਥਕ ਸ਼ਖਸ਼ੀਅਤ ਭਾਈ ਵੱਸਣ ਸਿੰਘ ਜੀ ਜਫਰਵਾਲ, ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਤੋਂ ਇਲਾਵਾ ਸੈਂਕੜੇ ਧਾਰਮਿਕ ਸਿਆਸੀ ਸਮਾਜਿਕ ਆਗੂਆ ਵਲੋਂ ਸ਼ਹੀਦ ਭਾਈ ਪਰਦੀਪ ਸਿੰਘ ਖਾਲਸਾ ਨੂੰ ਸ਼ਰਧਾਂਜਲੀ ਭੇਂਟ ਕੀਤੀਆਂ ਜਾਣਗੀਆਂ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ।



### ਨਸ਼ਾ ਤਸਕਰੀ ਛੱਡੋ ਜਾਂ ਫਿਰ ਨਤੀਜੇ ਭੁਗਤਣ ਲਈ ਤਿਆਰ ਰਹੋ- ਏ ਡੀ ਜੀ ਪੀ

# ਪੰਜਾਬ ਪੁਲਿਸ ਵੱਲੋਂ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕਰਨ ਲਈ ਮੁਹਿੰਮ ਸ਼ੁਰੂ

**ਜੰਡਿਆਲਾ ਗੁਰੂ, 1 ਮਾਰਚ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੇ ਗਏ ਯੁੱਧ ਦੇ ਪਹਿਲੇ ਦਿਨ ਅੱਜ ਜਿਲ੍ਹਾ ਪੁਲਿਸ ਮੁਖੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਨੇ ਪੂਰੇ ਜਿਲੇ ਵਿੱਚ ਨਸ਼ਾ ਤਸਕਰਾਂ ਦੇ ਘਰਾਂ ਅਤੇ ਲੁਕਣ ਗਾਹਾਂ ਉੱਤੇ ਛਾਪੇ ਮਾਰੇ। ਇੰਨਾ ਛਾਪਿਆਂ ਦੌਰਾਨ ਪੁਲਿਸ ਵੱਲੋਂ ਭਾਰੀ ਮਾਤਰਾ ਵਿੱਚ ਨਸ਼ਾ ਵੀ ਬਰਾਮਦ ਕੀਤਾ ਗਿਆ।ਇਸ ਮੌਕੇ ਪ੍ਰੈਸ ਨਾਲ ਗੱਲਬਾਤ ਕਰਦੇ ਏਡੀਜੀਪੀ ਸ੍ਰੀ ਐਮ ਐਫ ਫਾਰੂਕੀ ਨੇ ਦੱਸਿਆ ਕਿ ਅੱਜ ਪੁਲਿਸ ਨੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਜ਼ਿਲਾ ਪੁਲਿਸ ਮੁਖੀ, ਦੋ ਐਸਪੀ, 8 ਡੀਐਸਪੀ ਅਤੇ 511 ਪੁਲਿਸ ਕਰਮੀਆਂ ਦੀ ਸਹਾਇਤਾ ਨਾਲ 8 ਸਥਾਨਾਂ ਉੱਤੇ ਨਸ਼ੇ ਦੀ ਬਰਾਮਦਗੀ ਲਈ ਛਾਪੇਮਾਰੀ ਕੀਤੀ। ਉਹਨਾਂ ਕਿਹਾ ਕਿ ਪੰਜਾਬ ਪੁਲਿਸ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿਆਪਕ ਕਾਰਜ ਯੋਜਨਾ ਤਿਆਰ ਕੀਤੀ ਹੈ। ਇਸ ਯੋਜਨਾ ਵਿੱਚ ਨਸ਼ੇ ਦੀ ਸਪਲਾਈ ਚੇਨ ਤੋੜਨ ਦੇ ਨਾਲ ਨਾਲ ਨਸ਼ਾ ਪੀੜਤਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣ ਵਿੱਚ ਮਦਦ ਕਰਨ ਲਈ ਰੋਕਥਾਮ, ਇਲਾਜ ਅਤੇ ਪੁਨਰਵਾਸ ਉਪਾਅ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਜਿੱਥੇ ਪੁਲਿਸ ਅਧਿਕਾਰੀ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੇ ਹਨ, ਉੱਥੇ ਹੀ ਉਨ੍ਹਾਂ ਨੂੰ ਨਸ਼ਾ ਪੀੜਤਾਂ ਨੂੰ ਇਕ ਮਰੀਜ਼ ਦੇ ਰੂਪ ਵਿੱਚ ਦੇਖਦਿਆਂ ਉਨ੍ਹਾਂ ਨਾਲ ਹਮਦਰਦੀ ਨਾਲ ਪੇਸ਼ ਆਉਣ ਦੇ ਹੁਕਮ ਦਿੱਤੇ ਗਏ ਹਨ ।ਨਸ਼ਿਆਂ ਦੇ ਵਿਅਕਤੀ, ਪਰਿਵਾਰਾਂ ਅਤੇ ਸਮੁੱਚੇ ਤੌਰ 'ਤੇ ਪੂਰੇ ਸਮਾਜ 'ਤੇ ਪੈਣ ਵਾਲੇ ਮਾਰੂ ਪ੍ਰਭਾਵਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ, "ਇਹ ਇੱਕ ਅਜਿਹੀ ਲੜਾਈ ਹੈ ਜਿਸਨੂੰ ਅਸੀਂ ਇਕੱਠੇ ਹੋ ਕੇ ਜਿੱਤ ਸਕਦੇ ਹਾਂ। ਇਸ ਗੰਭੀਰ ਮੁੱਦੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਸਾਨੂੰ ਸਾਰਿਆਂ ਦੀ ਸਮੂਹਿਕ ਤਾਕਤ ਅਤੇ ਵਚਨਬੱਧਤਾ ਦੀ ਜ਼ਰੂਰਤ ਹੈ।÷ਸ੍ਰੀ ਫਾਰੂਕੀ ਨੇ ਕਿਹਾ ਕਿ ਅਸੀਂ ਉਦੋਂ ਤੱਕ ਆਰਾਮ ਨਾਲ ਨਹੀਂ ਬੈਠਾਂਗੇ ਜਦੋਂ ਤੱਕ ਅਸੀਂ ਸੂਬੇ ਵਿੱਚੋਂ ਨਸ਼ਿਆਂ ਨੂੰ ਪੂਰੀ ਤਰ੍ਹਾਂ ਖਤਮ ਨਹੀਂ ਕਰ ਦਿੰਦੇ। ਉਨ੍ਹਾਂ ਨੇ ਨਸ਼ਾ ਤਸਕਰਾਂ ਨੂੰ ਨਸ਼ਾ ਤਸਕਰੀ ਛੱਡ ਦੇਣ ਜਾਂ ਪੰਜਾਬ ਛੱਡ ਜਾਣ ਜਾਂ ਨਤੀਜੇ ਭੁਗਤਣ ਲਈ ਤਿਆਰ ਰਹਿਣ ਦੀ ਚੇਤਾਵਨੀ ਵੀ ਦਿੱਤੀ ।ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸਣ ਪ੍ਰਤੀ ਪੰਜਾਬ ਪੁਲਿਸ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਨੇ ਨਸ਼ਾ ਪੀੜਤਾਂ ਦੇ ਮਾਪਿਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਉਨ੍ਹਾਂ ਨੂੰ ਇਲਾਜ ਲਈ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਜਾਂ ਓ.ਓ.ਏ.ਟੀ. ਕਲੀਨਿਕਾਂ ਵਿੱਚ ਲਿਜਾਣ ਦੀ ਅਪੀਲ ਵੀ ਕੀਤੀ। ਇਸ ਮੌਕੇ ਉਨਾਂ ਨੇ ਜ਼ਿਲ੍ਹੇ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਇਹ ਸਰਵਣ ਨੀਤੀ ਲਈ ਵਿਸਥਾਰ ਵਿੱਚ ਮੀਟਿੰਗ ਵੀ ਕੀਤੀ।




# ਗਿਆਨੀ ਰਘਬੀਰ ਸਿੰਘ ਜੀ ਵੱਲੋਂ ਕਹਿਣਾ ਕਿ ਦੋ ਦਸੰਬਰ ਦੇ ਹੁਕਮਾਂ ਅਨੁਸਾਰ ਭਰਤੀ ਹੋਵੇਗੀ, ਮੈਂ ਬੈਗ ਭਰੀ ਬੈਠਾ ਵਾਲਾ ਬਿਆਨ ਕੌਮ ਨੂੰ ਨਵੀਂ ਦਿਸ਼ਾ ਦੇਣ ਵਾਲਾ : ਭਾਈ ਖਾਲਸਾ



**ਜੰਡਿਆਲਾ ਗੁਰੂ, 1 ਮਾਰਚ ( ਕੁਲਵੰਤ ਸਿੰਘ ਵਿਰਦੀ)**-ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੇ ਅਕਾਲੀ ਫੂਲਾ ਸਿੰਘ ਜੀ ਵਰਗੀ ਦਲੇਰੀ ਤੇ ਬਹਾਦਰੀ ਨਾਲ ਗੱਲਬਾਤ ਕਰਦਿਆਂ ਮੀਟਿੰਗ ਸਹਾਮਣੇ ਬਾਦਲਕਿਆਂ ਨੂੰ ਵੰਗਾਰਿਆ ਕਿਹਾ ਦੋ ਦਸੰਬਰ ਵਾਲੇ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੇ ਹੁਕਮਾਂ ਅਨੁਸਾਰ ਅਕਾਲੀ ਦਲ ਭਰਤੀ ਹੋਵੇਗੀ, ਜਦੋਂ ਕਿ ਬਾਦਲ ਕੇ ਜਥੇਦਾਰ ਸਾਹਿਬ ਦੇ ਹੁਕਮਾਂ ਵਿਰੁੱਧ ਆਪਣੇ ਘੜੰਮ ਚੌਧਰੀਆਂ ਦੀ ਕਮੇਟੀ ਰਾਹੀਂ ਫਰਜ਼ੀ ਭਰਤੀ ਰਾਹੀਂ ਤੇਤੀ ਲੱਖ ਦੀ ਭਰਤੀ ਕਰ ਬੈਠੇ ਹਨ, ਪਰ ਹੁਣ ਦੇ ਜਥੇਦਾਰ ਸਾਹਿਬ ਵੱਲੋਂ ਦਿੱਤੇ ਬਿਆਨਾਂ ਨੇ ਕੌਮ ਵਿੱਚ ਨਵਾਂ ਜਾਗ੍ਰਤੀ ਪੈਦਾ ਕਰ ਦਿੱਤਾ ਹੈ, ਜਿਸ ਤਰ੍ਹਾਂ ਉਨ੍ਹਾਂ ਮੀਡੀਆ ਸਹਾਮਣੇ ਘਰਜਿਆ ਸਪੱਸ਼ਟ ਕਰ ਦਿੱਤਾ ਹੈ ਕਿ ਦੋ ਦਸੰਬਰ ਦੇ ਹੁਕਮਾਂ ਅਨੁਸਾਰ ਅਕਾਲੀ ਦਲ ਭਰਤੀ ਹੋਵੇਗੀ, ਜਦੋਂ ਮੀਡੀਆ ਨੇ ਉਨ੍ਹਾਂ ਪੁੱਛਿਆ ਕਿ ਤੁਹਾਨੂੰ ਹਟਾਉਣ ਦੀ ਚਰਚਾਵਾਂ ਵੀ ਚੱਲ ਰਹੀਆਂ ਹਨ ਤਾਂ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਅਕਾਲ ਤਖ਼ਤ ਸਾਹਿਬ ਨੇ ਕਿਹਾ ਮੈਂ ਆਪਣਾ ਬੈਗ ਭਰੀ ਬੈਠਾ ਹੈ , ਜਥੇਦਾਰ ਸਾਹਿਬ ਜੀ ਦੇ ਇਹ ਬਿਆਨ ਸੁਣ ਕੇ ਜਿਥੇ ਬਾਦਲਕਿਆਂ ਨੂੰ ਭਾਜੜਾਂ ਪੈ ਗਈਆਂ ਹਨ ਉਥੇ ਜਗਦੀ ਜ਼ਮੀਰ ਵਾਲੇ ਧਰਮੀ ਲੋਕਾਂ ਵੱਲੋਂ ਜਥੇਦਾਰ ਸਾਹਿਬ ਦੇ ਬਿਆਨਾਂ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਦੱਸਿਆ ਜਾ ਰਿਹਾ ਹੁਣ ਬਾਦਲਕਿਆਂ ਦੀ ਖੈਰ ਨਹੀਂ ਜਥੇਦਾਰ ਸਾਹਿਬ ਕੁਝ ਕਰਕੇ ਦਿਖਾਉਣਗੇ ਅਤੇ ਅਕਾਲੀ ਫੂਲਾ ਸਿੰਘ ਜੀ ਵਰਗਾ ਕੋਈ ਨਵਾਂ ਇਤਿਹਾਸ ਸਿਰਜ ਸਕਦੇ ਹਨ ਕਿਉਂਕਿ ਸਾਰੀ ਕੌਮ ਪੰਥਕ ਜਥੇਬੰਦੀਆਂ ਤੇ ਨਿਹੰਗ ਸਿੰਘ ਜਥੇਬੰਦੀਆਂ ਹੁਣ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਸਮਰਪਿਤ ਹੋ ਚੁੱਕੀਆਂ ਹਨ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਸਾਹਿਬ ਜੀ ਵੱਲੋਂ ਕੀਤੇ ਐਲਾਨ ਦੀ ਪੂਰਨ ਹਮਾਇਤ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣ ਦਾ ਸਬਕ ਸਿਖਾਉਣ ਲਈ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ'ਚ ਸਖ਼ਤ ਫੈਸਲਾ ਲਿਆ ਜਾਵੇ ਤਾਂ ਕਿ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਤੇ ਆਹੁਦੇ ਦੀ ਮਹਾਨਤਾ ਨੂੰ ਵਿਸ਼ਵ ਵਿਚ ਉਜਾਗਰ ਕੀਤਾ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਵੱਲੋਂ ਦੋ ਦਸੰਬਰ ਵਾਲੇ ਫੈਸਲੇ ਮੁਤਾਬਕ ਅਕਾਲੀ ਦਲ ਭਰਤੀ ਕਰਵਾਉਣ ਦੀ ਹਮਾਇਤ ਅਤੇ ਸ਼ਲਾਘਾ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਕਿਹਾ ਬਾਦਲਕਿਆਂ ਦੀਆਂ ਜਥੇਦਾਰਾਂ ਸਾਹਿਬਾਨਾਂ ਨੂੰ ਆਪਣੇ ਹੱਕ ਵਿੱਚ ਵਰਤਣ ਅਤੇ ਨਾ ਹੁਕਮ ਮੰਨਣ ਵਾਲਿਆਂ ਜਥੇਦਾਰਾ ਨੂੰ ਜ਼ਲੀਲ ਕਰਕੇ ਕੱਢਣ ਵਾਲੀ ਤਖ਼ਤ ਵਿਰੋਧੀ ਨੀਤੀ ਦਾ ਹੁਣ ਅੰਤ ਆ ਗਿਆ ਹੈ ਅਤੇ ਕੌਮ ਹੁਣ ਇਨ੍ਹਾਂ ਨੂੰ ਸਬਕ. ਸਿਖਾਉਣ ਹਿੱਤ ਜਥੇਦਾਰ ਸਾਹਿਬਾਨਾਂ ਨਾਲ ਖੜ ਗਈ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਥੇਦਾਰ ਸਾਹਿਬ ਵੱਲੋਂ ਦੋ ਦਸੰਬਰ ਵਾਲੇ ਹੁਕਮਾਂ ਅਨੁਸਾਰ ਅਕਾਲੀ ਦਲ ਦੀ ਭਰਤੀ ਕਰਵਾਉਣ ਵਾਲੇ ਦਿੱਤੇ ਬਿਆਨ ਦੀ ਪੂਰਨ ਹਮਾਇਤ ਅਤੇ ਮੰਗ ਕਰਦੀ ਹੈ ਕਿ ਬਾਦਲ ਵਿਰੁੱਧ ਸਖ਼ਤ ਤੋਂ ਸਖ਼ਤ ਫੈਸਲਾ ਲੈ ਕੇ ਅਕਾਲੀ ਦਲ ਫੂਲਾ ਸਿੰਘ ਵਾਲੇ ਇਤਿਹਾਸ ਨੂੰ ਸਿਰਜੀਆਂ ਜਾਵੇ, ਇਸ ਮੌਕੇ ਭਾਈ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਆਦਿ ਆਗੂ ਹਾਜਰ ਸਨ ।

# ਪੰਜਾਬ ਸਰਕਾਰ ਦੀ ਫੈਸਲਾਕੁੰਨ ਜੰਗ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰੇਗੀ: ਹਰਭਜਨ ਸਿੰਘ ਈ.ਟੀ.ਓ

ਜੰਡਿਆਲਾ ਗੁਰੂ 1 ਮਾਰਚ ( ਕੁਲਵੰਤ ਸਿੰਘ ਵਿਰਦੀ) ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਤਸਕਰੀ ਵਿਰੁੱਧ ਸ਼ੁਰੂ ਕੀਤੀ ਗਈ ਫੈਸਲਾਕੁੰਨ ਜੰਗ ਦੇ ਸਾਕਾਰਾਤਮਕ ਨਤੀਜੇ ਸਾਹਮਣੇ ਆਉਣਗੇ ਅਤੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਹੋਵੇਗਾ। ਇੱਥੇ ਜਾਰੀ ਪ੍ਰੈਸ ਬਿਆਨ ਰਾਹੀਂ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਾ ਤਸਕਰੀ ਵਿੱਚ ਸ਼ਾਮਲ ਲੋਕਾਂ ਨੂੰ ਸਪੱਸ਼ਟ ਅਤੇ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਉਹ ਜਾਂ ਤਾਂ ਸੂਬਾ ਛੱਡ ਦੇਣ ਜਾਂ ਫਿਰ ਆਪਣੀਆਂ ਨਾਜਾਇਜ਼ ਗਤੀਵਿਧੀਆਂ 'ਤੇ ਮੁਕੰਮਲ ਰੋਕ ਲਗਾ ਦੇਣ।ਉਨ੍ਹਾਂ ਕਿਹਾ ਕਿ ਇਹ ਚੇਤਾਵਨੀ ਪੰਜਾਬ ਸਰਕਾਰ ਵੱਲੋਂ ਆਪਣੇ ਨਾਗਰਿਕਾਂ ਲਈ ਸੁਰੱਖਿਅਤ ਅਤੇ ਸਿਹਤਮੰਦ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਨਸ਼ਿਆਂ ਦੀ ਲਾਹਨਤ ਨਾਲ ਨਜਿੱਠਣ ਲਈ ਪੁੱਟੇ ਜਾ ਰਹੇ ਠੋਸ ਕਦਮਾਂ ਦੇ ਹਿੱਸੇ ਵਜੋਂ ਆਈ ਹੈ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੀ ਨਸ਼ਿਆਂ ਦੀ ਤਸਕਰੀ ਪ੍ਰਤੀ ਜ਼ੀਰੋ-ਟੌਲਰੈਂਸ ਨੀਤੀ ਦਾ ਉਦੇਸ਼ ਨੌਜਵਾਨਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੇ ਵਿਨਾਸ਼ਕਾਰੀ ਪ੍ਰਭਾਵਾਂ ਤੋਂ ਬਚਾਉਣ ਲਈ ਵਚਨਬੱਧਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੌਰਾਨ ਪੰਜਾਬ ਵਾਸੀ ਜਲਦੀ ਹੀ ਨਸ਼ਾ ਮੁਕਤ ਰੰਗਲੇ ਪੰਜਾਬ ਦੀ ਗਵਾਹੀ ਭਰਨਗੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਕੂਲ ਵਿੱਚ ਦਾਖਲਾ ਵਧਾਉਣ ਸਬੰਧੀ ਗਹਿਰੀ ਦੇਵੀ

# ਨਗਰ ਸਕੂਲ ਦਾ ਕੈਲੰਡਰ ਰਿਲੀਜ਼ ਕੀਤਾ





**ਤਲਵੰਡੀ ਸਾਬੋ, 1 ਮਾਰਚ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਹਰ ਸਾਲ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਹਰ ਸੰਭਵ ਉਪਰਾਲੇ ਕਰਦੀ ਹੈ ਤੇ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾ ਕੇ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਤੋਂ ਸਮਾਜ ਨੂੰ ਜਾਣੂ ਕਰਵਾਉਣ ਸਬੰਧੀ ਜਾਗਰੂਕ ਕਰਦੀ ਰਹਿੰਦੀ ਹੈ, ਤਾਂ ਕਿ ਜਨਤਾ ਨੂੰ ਇਹਨਾਂ ਸਹੂਲਤਾਂ ਸਬੰਧੀ ਜਾਣਕਾਰੀ ਮਿਲ ਸਕੇ। ਇਸੇ ਹੀ ਲੜੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਦੇਵੀ ਨਗਰ, ਜਿਲਾ ਬਠਿੰਡਾ ਦੇ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਦੀ ਅਗਵਾਈ ਵਿੱਚ ਅਤੇ ਸ਼੍ਰੀ ਮੋਤੀ ਰਾਮ ਸਮਾਜਿਕ ਸਿੱਖਿਆ ਮਾਸਟਰ ਤੇ ਵਿਸ਼ੇਸ਼ ਸਹਿਯੋਗ ਨਾਲ ਸਕੂਲ ਵਿੱਚ ਵਿਦਿਆਰਥੀਆਂ ਦੀ ਗਿਣਤੀ ਨੂੰ ਵਧਾਉਣ ਲਈ ਅੱਜ ਸਵੇਰ ਦੀ ਸਭਾ ਵਿੱਚ ਸਾਲ 2025 ਦਾ ਕੈਲੰਡਰ ਰਿਲੀਜ਼ ਕੀਤਾ ਗਿਆ। ਇਸ ਸਮੇਂ ਸਕੂਲ ਦੀਆਂ ਸਮੂਹ ਕਮੇਟੀਆਂ ਦੇ ਮੈਂਬਰ, ਸਰਪੰਚ, ਪਿੰਡ ਵਾਸੀ, ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ। ਇਸ ਸਮੇਂ ਐਸ.ਐਮ.ਸੀ.ਕਮੇਟੀ ਦੇ ਚੇਅਰਮੈਨ ਸਰਦਾਰ ਅੰਗਰੇਜ਼ ਸਿੰਘ ਨੇ ਦੱਸਿਆ ਕਿ ਇਸ ਕੈਲੰਡਰ ਵਿੱਚ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਸਬੰਧੀ ਸਮਾਜ ਨੂੰ ਜਾਣੂ ਕਰਵਾਉਣ ਦੇ ਉਦੇਸ਼ ਨਾਲ ਇਹ ਕੈਲੰਡਰ ਤਿਆਰ ਕੀਤਾ ਗਿਆ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਨੇ ਦੱਸਿਆ ਕਿ ਇਹ ਕੈਲੰਡਰ ਐਸ.ਐਮ.ਸੀ ਕਮੇਟੀ ਦੀ ਅਗਵਾਈ ਵਿੱਚ ਜਾਰੀ ਕੀਤਾ ਗਿਆ ਹੈ। ਕੈਲੰਡਰ ਵਿੱਚ ਸਾਲ 2024 ਦੀਆਂ ਸਕੂਲ ਦੀਆਂ ਪ੍ਰਾਪਤੀਆਂ ਨੂੰ ਵੀ ਦਰਸਾਇਆ ਗਿਆ ਹੈ। ਉਹਨਾਂ ਅੱਗੇ ਦੱਸਿਆ ਕਿ ਇਹ ਕੈਲੰਡਰ ਪਿੰਡ ਦੇ ਹਰ ਘਰ ਵਿੱਚ ਪਹੁੰਚਾਇਆ ਜਾਵੇਗਾ ਤੇ ਸਕੂਲ ਦੀਆਂ ਪ੍ਰਾਪਤੀਆਂ ਦੀ ਜਾਣਕਾਰੀ ਦਿੰਦਾ ਰਹੇਗਾ। ਕੈਲੰਡਰ ਰਿਲੀਜ਼ ਕਰਨ ਸਮੇਂ ਸ੍ਰ. ਅਜੈਬ ਸਿੰਘ, ਸ੍ਰ. ਗੁਰਪ੍ਰੀਤ ਸਿੰਘ, ਸਰਦਾਰ ਭਾਗ ਸਿੰਘ, ਅੱਜ ਹੀ ਜੁਆਇਨ ਕਰੇ ਸਕੂਲ ਮੈਨੇਜਰ ਸ੍ਰ. ਰਘਵੀਰ ਸਿੰਘ, ਸਰਪੰਚ ਸ੍ਰ. ਧਰਮ ਸਿੰਘ, ਵਿਦਿਆਰਥੀ ਅਤੇ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਲਾਡਬੰਜਾਰਾ ਮਾਈਨਰ ਦਾ ਵਾਧੂ ਪਾਣੀ ਸੰਭਾਲਣ ਲਈ

# 2.37 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ



**ਲਹਿਰਾਗਾਗਾ/ ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਕਵਾਇਤ ਤਹਿਤ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਗਾਤਾਰ ਲੋੜੀਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ ਜਾ ਰਹੀ ਹੈ। ਅੱਜ ਹਲਕਾ ਲਹਿਰਾ ਦੇ ਪਿੰਡ ਭਟਾਲ ਕਲਾਂ ਵਿਖੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਵੱਲੋਂ ਮਾਈਨਰ ਨੰਬਰ 8 ਦਾ ਵਾਧੂ ਪਾਣੀ ਸੰਭਾਲਣ ਲਈ 2.37 ਕਰੋੜ ਰੁਪਏ ਦੀ ਲਾਗਤ ਨਾਲ 7500 ਫੁੱਟ ਲੰਬੀ ਇਸਕੇਪ ਪਾਈਪਲਾਈਨ ਪਾਉਣ ਦੇ ਕੰਮ ਦਾ ਆਗਾਜ਼ ਕੀਤਾ ਗਿਆ। ਇਸ ਦੇ ਨਾਲ ਹੀ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਵੱਲੋਂ ਲਾਡਬੰਜਾਰਾ ਰਜਬਾਹੇ ਦੇ ਮਾਈਨਰ ਨੰਬਰ 9 ਦੀ ਨਵੀਂ ਉਸਾਰੀ ਦੇ ਕੰਮ ਦੀ ਸ਼ੁਰੂਆਤ ਵੀ ਕਰਵਾਈ ਗਈ। ਇਸ ਮੌਕੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਪਾਈਪਲਾਈਨ ਨੂੰ ਪਾਉਣ ਲਈ 3.13 ਕਰੋੜ ਰੁਪਏ ਦੀ ਅੰਦਾਜ਼ਨ ਲਾਗਤ ਪਾਸ ਕੀਤੀ ਗਈ ਸੀ ਪਰ ਇਸਨੂੰ ਹੁਣ ਮਹਿਜ਼ 2 ਕਰੋੜ 37 ਲੱਖ ਰੁਪਏ ਦੀ ਲਾਗਤ ਨਾਲ ਪੂਰਾ ਕਰਵਾਇਆ ਜਾਵੇਗਾ ਜਿਸ ਨਾਲ ਸਰਕਾਰ ਦੇ ਕਰੀਬ 76 ਲੱਖ ਰੁਪਏ ਦੀ ਬੱਚਤ ਹੋਵੇਗੀ ।ਉਨ੍ਹਾਂ ਦੱਸਿਆ ਕਿ ਇਸ ਪਾਈਪਲਾਈਨ ਦੀ ਉਸਾਰੀ ਤੋਂ ਬਾਅਦ ਰਜਬਾਹੇ ਵਿੱਚ ਮੌਜੂਦ ਵਾਧੂ ਪਾਣੀ ਨੂੰ ਲਹਿਰਾਗਾਗਾ ਮੇਨ ਡਰੇਨ ਵਿੱਚ ਪਾਇਆ ਜਾਵੇਗਾ ਤਾਂ ਜੋ ਓਵਰਫਲੋਅ ਹੋਣ ਤੋਂ ਬਾਅਦ ਕਿਸਾਨਾਂ ਦੀਆਂ ਫਸਲਾਂ ਦੇ ਨੁਕਸਾਨ ਨੂੰ ਬਚਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਪਾਈਪਲਾਈਨ ਦੇ ਨਿਰਮਾਣ ਨਾਲ ਹਲਕਾ ਲਹਿਰਾ ਅਤੇ ਹਲਕਾ ਦਿੜਬਾ ਦੇ 87 ਪਿੰਡਾਂ ਦੇ ਹਜ਼ਾਰਾਂ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ। ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ 50 ਕਿਲੋਮੀਟਰ ਲੰਬਾ ਲਾਡਬੰਜਾਰਾ ਰਜਬਾਹਾ ਸਿਸਟਮ ਪੰਜਾਬ ਦੇ ਸਭ ਤੋਂ ਵੱਡੇ ਰਜਬਾਹਾ ਸਿਸਟਮਾਂ ਵਿੱਚੋਂ ਇੱਕ ਹੈ ਅਤੇ ਇਸ ਵਿੱਚੋਂ 14 ਮਾਈਨਰਾਂ, 1 ਸਬ ਮਾਈਨਰ ਅਤੇ 5 ਬਰਾਂਚਾਂ ਨਿਕਲਦੀਆਂ ਹਨ ਅਤੇ ਵਾਧੂ ਪਾਣੀ ਨਾਲ ਇਸ ਰਜਬਾਹੇ ਦੇ ਆਲੇ ਦੁਆਲੇ ਨੁਕਸਾਨ ਦਾ ਖਤਰਾ ਵੀ ਵੱਧ ਸੀ। ਇਸ ਮੌਕੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਇਸੇ ਤਰ੍ਹਾਂ ਮਾਈਨਰ ਨੰਬਰ 9 ਤਕਰੀਬਨ 35 ਸਾਲ ਪੁਰਾਣਾ ਬਣਿਆ ਹੋਇਆ ਹੈ ਜੋ ਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਮੁੜ ਤੋਂ ਉਸਾਰਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸ ਮਾਈਨਰ ਦੀ ਮੁੜ ਉਸਾਰੀ ਨਾਲ ਹਲਕਾ ਲਹਿਰਾ ਦੇ 5 ਪਿੰਡਾਂ, ਦੇਹਲਾ ਸੀਹਾਂ, ਭੁਟਾਲ ਕਲਾਂ, ਭੁਟਾਲ ਖੁਰਦ, ਲਹਿਲ ਕਲਾਂ ਅਤੇ ਗੋਬਿੰਦਪੁਰ ਪਾਪੜਾ ਦੇ 2352 ਏਕੜ ਰਕਬੇ ਨੂੰ ਪੂਰੀ ਸਮਰੱਥਾ ਨਾਲ ਨਹਿਰੀ ਪਾਣੀ ਦਾ ਲਾਭ ਮਿਲੇਗਾ। ਉਹਨਾਂ ਕਿਹਾ ਕਿ ਇਸ ਮਾਈਨਰ ਦੇ ਦੋਵੇਂ ਪਾਸੇ ਭਾਰੀ ਦਰੱਖਤਾਂ ਦੀ ਮੌਜੂਦਗੀ ਕਾਰਨ ਇਸ ਦੀ ਉਸਾਰੀ ਰਵਾਇਤੀ ਤਰੀਕੇ ਜਰੀਏ ਇੱਟਾਂ ਨਾਲ ਹੀ ਕਰਵਾਈ ਜਾਵੇਗੀ ਤਾਂ ਜੋ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਵਿੱਚ ਮਦਦ ਕਰਨ ਵਾਲੇ ਇਨਾਂ ਵਡਮੁੱਲੇ ਦਰਖਤਾਂ ਨੂੰ ਬਚਾਇਆ ਜਾ ਸਕੇ।ਉਹਨਾਂ ਕਿਹਾ ਕਿ ਇਸ ਮਾਈਨਰ ਨੂੰ ਲਗਭਗ 1 ਕਰੋੜ 56 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਰਵਾਇਆ ਜਾਵੇਗਾ। ਇਸ ਮੌਕੇ ਕੈਬਨਿਟ ਮੰਤਰੀ ਦੇ ਪੀ.ਏ ਰਾਕੇਸ਼ ਕੁਮਾਰ ਗੁਪਤਾ, ਨਿਗਰਾਨ ਇੰਜੀਨੀਅਰ ਸੁਖਜੀਤ ਸਿੰਘ ਭੁੱਲਰ, ਉਪ ਮੰਡਲ ਅਫਸਰ ਅੰਮ੍ਰਿਤਪਾਲ ਸਿੰਘ ਪੁੰਜ ਤੋਂ ਇਲਾਵਾ ਜਸਵੀਰ ਸਿੰਘ ਸਰਪੰਚ ਭੁਟਾਲ ਕਲਾਂ, ਹਰਬੰਸ ਸਿੰਘ ਸਰਪੰਚ ਡੇਰਾ ਪੰਚਾਇਤੀ ਭੁਟਾਲ ਕਲਾਂ, ਗੁਰਸੰਤ ਸਿੰਘ, ਜੁਗਰਾਜ ਸਿੰਘ, ਮੋਹਨ ਲਾਲ ਪ੍ਰਧਾਨ ਗਊਸ਼ਾਲਾ, ਅਵਤਾਰ ਸਿੰਘ ਪਰੋਚਾ ਫੌਜੀ ਸਮੇਤ ਹੋਰ ਲੋਕ ਵੀ ਹਾਜ਼ਰ ਸਨ।

**ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਲਾਡਬੰਜਾਰਾ ਰਜਬਾਹੇ ਦੇ ਮਾਈਨਰ ਨੰਬਰ 9 ਦੀ ਨਵੀਂ ਉਸਾਰੀ ਦੇ ਕੰਮ ਦੀ ਵੀ ਕਰਵਾਈ ਸ਼ੁਰੂਆਤ**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਮਾਨ ਸਰਕਾਰ ਪਿੰਡਾਂ ਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਕਰਵਾਉਣ ਲਈ ਵਚਨਬੱਧ : ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਪਿੰਡਾਂ ਤੇ ਸ਼ਹਿਰਾਂ ਦਾ ਸਰਵਪੱਖੀ ਵਿਕਾਸ ਕਰਵਾਉਣ ਲਈ ਵਚਨਬੱਧ ਹੈ ਅਤੇ ਵਿਕਾਸ ਕੰਮਾਂ ਲਈ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ, ਮੁੱਖ ਮੰਤਰੀ ਕੈਪਸ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ ਪਿੰਡਾਂ ਲਈ ਐਸ.ਸੀ. ਧਰਮਸ਼ਾਲਾਵਾਂ, ਆਂਗਨਵਾੜੀ ਕੇਂਦਰਾਂ, ਖੇਡ ਮੈਦਾਨ ਅਤੇ ਪਾਣੀ ਦੀਆਂ ਟੈਂਕੀਆਂ ਦੇ ਚੱਲ ਰਹੇ ਇਨ੍ਹਾਂ ਕੰਮਾਂ ਲਈ ਇਹ ਗ੍ਰਾਂਟਾ ਦੇ ਗੱਫੇ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਰਕਾਰ ਵੱਲੋਂ ਸਖਤ ਫੈਸਲੇ ਕੀਤੇ ਜਾ ਰਹੇ ਹਨ ਅਤੇ ਹੁਣ ਨਸ਼ਾ ਤਸਕਰਾਂ ਨੂੰ ਕਿਸੇ ਵੀ ਹਾਲ ਵਿੱਚ ਬਖਸ਼ਿਆ ਨਹੀਂ ਜਾਵੇਗਾ। ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ , ਸਰਪੰਚ ਗੁਰਮੇਲ ਸਿੰਘ ਬੁਰਜ ਗੋਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ,ਸਰਪੰਚ ਮੱਖਣ ਸਿੰਘ ਪੇਧਨੀ, ਸਰਪੰਚ ਰਾਜ ਸਿੰਘ ਮਾਨਵਾਲਾ, ਭਿੰਦਾ ਵਿਰਕ, ਮਾਣਾ ਗਰੇਵਾਲ, ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੱਲ ਮਲਕੀਤ ਸਿੰਘ ਵਲੋ ਮੈਗਾ ਹੈਲਥ ਅਤੇ ਮੈਡੀਕਲ ਕੈਂਪ ਦਾ ਕੀਤਾ ਉਦਘਾਟਨ



**ਚੌਕ ਮਹਿਤਾ, 1 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਲਾਇੰਨਜ ਕਲੱਬ ਆਫ ਬੰਬੇ ਵੈਸਟ ਕੋਸਟ ਅਤੇ ਬੰਬੇ ਗੁੱਡਸ ਟ੍ਰਾਂਸਪੋਰਟ ਐਸੋਸੀਏਸ਼ਨ ਵੱਲੋਂ ਕਲੰਬੋਲੀ, ਨਵੀ ਮੁੰਬਈ ਵਿਖੇ ਮੈਗਾ ਹੈਲਥ ਅਤੇ ਮੈਡੀਕਲ ਚੈੱਕ-ਅੱਪ ਕੈਂਪ ਦਾ ਉਦਘਾਟਨ ਬੱਲ ਮਲਕੀਤ ਸਿੰਘ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਵਲੋ ਕੀਤਾ ਗਿਆ ਇਸ ਚੈੱਕ ਅੱਪ ਕੈਂਪ ਵਿੱਚ ਟਰੱਕ ਚਾਲਕਾਂ ਅਤੇ ਟ੍ਰਾਂਸਪੋਰਟ ਮਜ਼ਦੂਰਾਂ ਦਾ ਉਤਸ਼ਾਹ ਦੇਖਣ ਵਾਲਾ ਸੀ ਅਤੇ ਇਸ ਕੈਂਪ ਵਿੱਚ ਸੈਂਕੜੇ ਲੋਕਾਂ ਨੇ ਮੁਫ਼ਤ ਮੈਡੀਕਲ ਚੈੱਕ-ਅੱਪ, ਦਵਾਈਆਂ, ਐਨਕਾਂ ਅਤੇ ਡਾਕਟਰੀ ਸਲਾਹ ਦਾ ਲਾਭ ਉਠਾਇਆ ਅਤੇ ਮੈਡੀਕਲ ਕੈਂਪ ਵਿੱਚ ਹਾਜ਼ਰ ਵਿਅਕਤੀਆਂ ਲਈ ਮੁਫ਼ਤ ਭੋਜਨ ਦੀ ਵਿਵਸਥਾ ਕੀਤੀ ਗਈ ਅਤੇ ਇਸ ਮੈਡੀਕਲ ਕੈਂਪ ਨੂੰ ਸਫਲ ਬਣਾਉਣ ਵਾਲੇ ਸਾਰੇ ਪ੍ਰਬੰਧਕਾ , ਡਾਕਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਇਸ ਮੌਕੇ ਜ਼ਿਲ੍ਹਾ ਗਵਰਨਰ ਸੀਏ ਲਾਇਨ ਮਨੀਸ਼ ਲਾਡਗੇ,ਸੁਰਿੰਦਰ ਵਿੱਕੀ ਖੋਸਲਾ, ਜ਼ੋਨ ਚੇਅਰਮੈਨ, ਲਾਇਨ ਕਲੱਬ ਪ੍ਰਧਾਨ ਸੁਰੇਸ਼ ਖੋਸਲਾ, ਬੀਜੀਟੀਏ ਚੇਅਰਪਰਸਨ ਐਚ ਆਰ ਕਮੇਟੀ ਐਸ. ਮਨਮੀਤ ਕੌਰ ਚੱਢਾ, ਬੀਜੀਟੀਏ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





# ਵਰ੍ਹੇਗੰਢ ਮੁਬਾਰਕ

ਈਸ਼ਵਰ ਗਰਗ ਪੱਤਰਕਾਰ ਤੇ ਸੀਤਾ ਰਾਣੀ ਸਾਬਕਾ ਪ੍ਰਿੰਸੀਪਲ ਵਾਸੀ ਤਲਵੰਡੀ ਸਾਬੋ (ਬਠਿੰਡਾ) ਨੂੰ ਵਿਆਹ ਦੀ 47ਵੀਂ ਵਰੇਗੰਢ ਮੌਕੇ ਅਦਾਰਾ ਆਵਾਜਿ ਕੌਮ ਵਲੋਂ ਬਹੁਤ ਬਹੁਤ ਮੁਬਾਰਕਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਆਓ ਹੁਣ ਆਪਣਾ ਪੰਥਕ ਫਰਜ਼ ਨਿਭਾਈਏ

੨ ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੇ ਹੋਏ
ਹੁਕਮਨਾਮੇ ਨੂੰ ਲਾਗੂ ਕਰਵਾਉਣ ਲਈ

**ਸ੍ਰੀ ਅਕਾਲ ਤਖਤ ਸਾਹਿਬ**

ਵਿਖੇ ਪੰਥਕ ਜਥੇਬੰਦੀਆਂ ਵਲੋਂ

## "ਅਰਦਾਸ ਸਮਾਗਮ"

ਇਕੱਤਰਤਾ ਦੀ ਜਗ੍ਹਾ - **ਗੁਰਦੁਆਰਾ ਸਾਰਾਗੜ੍ਹੀ ਸਾਹਿਬ** ਦੇ ਸਾਹਮਣੇ

**2 ਮਾਰਚ ਦਿਨ ਐਤਵਾਰ**

**ਸਮਾਂ - 11 ਵਜੇ**

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ

ALLIANCE of SIKH ORGANISATIONS

ਅਕਾਲੀ ਦਲ 1920

ਮਿਸਲ ਸਤਲੁਜ

ਅਕਾਲ ਸਹਾਇ॥

ਦਰਬਾਰ ਏ ਖ਼ਾਲਸਾ

**ਇਸ ਮੌਕੇ ਮਾਣਯੋਗ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮੂਹ ਜਥੇਬੰਦੀਆਂ ਵੱਲੋਂ ਇਕ ਬੇਨਤੀ ਪੱਤਰ ਵੀ ਦਿੱਤਾ ਜਾਵੇਗਾ**

**ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਉਚਤਾ ਨੂੰ ਚਣੌਤੀ ਕਦਾਚਿਤ ਵੀ ਬਰਦਾਸ਼ਤ ਨਹੀਂ ਹੈ, ਇਹ ਹੋਰ ਵੀ ਭਿਆਨਕ ਹੈ ਜਦੋਂ ਸ਼੍ਰੋਮਣੀ ਕਮੇਟੀ ਵਿੱਚ ਬੈਠੇ ਦਿੱਲੀ ਦੇ ਘੁਸਪੈਠੀਏ ਕੌਮ ਨੂੰ ਧੋਖਾ ਦੇਕੇ ਤਖ਼ਤ ਸਾਹਿਬ ਦੀ ਸਰਵਉੱਚਤਾ ਖਤਮ ਕਰਨ ਲਈ ਯਤਨਸ਼ੀਲ ਹੋਣ**

**ਨੇੜਲੇ ਸਾਰੇ ਪੰਥ ਦਰਦੀ ਜਥਿਆਂ ਨੂੰ ਪਹੁੰਚਣ ਲਈ ਸਨਿਮਰ ਜੋੜਦੀ ਹੈ**

## ਵਾਹਿਗੁਰੂ ਜੀ ਕਾ ਖਾਲਸਾ।
## ਵਾਹਿਗੁਰੂ ਜੀ ਕੀ ਫਤਿਹ॥

# 6 ਮਾਰਚ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 6 ਮਾਰਚ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**



ਜੱਥੇਦਾਰ ਦਲੀਪ ਸਿੰਘ ਚਕਰ ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

## ਜੱਥੇਦਾਰ ਦਲੀਪ ਸਿੰਘ ਚਕਰ
## ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ

ਆਵਾਜ਼ਿ ਕੌਮ AWAZE QAUM International Newspaper & WEB TV

## ਚੰਦੀ ਜਨਰਲ ਸਟੋਰ ਮਹਿਤਪੁਰ ਦੇ ਮਾਲਕ ਵੱਲੋਂ ਮੁੜ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ

# ਅਕਾਊਂਟ ਵਿਚ ਗਲਤੀ ਨਾਲ ਆਏ 37500 ਰੁਪਏ ਵਾਪਸ ਕੀਤੇ



**ਨਕੋਦਰ/ਮਹਿਤਪੁਰ (ਹਰਜਿੰਦਰ ਪਾਲ ਛਾਬੜਾ)**-ਸੰਸਥਾ ਸ਼ਬਦ ਗੁਰੂ ਪ੍ਰਚਾਰ ਕੇਂਦਰ (ਰਜਿ:) ਦੇ ਚੈਅਰਮੈਨ ਅਤੇ ਚੰਦੀ ਜਨਰਲ ਸਟੋਰ ਮਹਿਤਪੁਰ ਦੇ ਮਾਲਕ ਹਰਜਿੰਦਰ ਸਿੰਘ ਚੰਦੀ ਵੱਲੋਂ 37500 ਰੁਪਏ ਵਾਪਸ ਕਰਕੇ ਮੁੜ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ ਹੈ। ਜ਼ਿਕਰਯੋਗ ਹੈ ਕਿ ਉਨ੍ਹਾਂ ਵੱਲੋਂ ਚਲਾਈ ਜਾ ਰਹੀ ਬੁਟੀਕ (ਚੰਦੀ ਫੈਸ਼ਨ ਬੁਟੀਕ ਮਹਿਤਪੁਰ) ਦੇ ਅਕਾਊਂਟ ਵਿਚ ਨੰਗਲ ਡੈਮ ਦੇ ਸਚਿਨ ਕੁਮਾਰ ਪੁੱਤਰ ਬਲਵਿੰਦਰ ਕੁਮਾਰ ਵੱਲੋਂ ਗਲਤੀ ਨਾਲ 37500 ਰੁਪਏ ਪਾ ਦਿੱਤੇ ਗਏ। ਜਦੋਂ ਇਸ ਗਲਤੀ ਦਾ ਅਹਿਸਾਸ ਸਚਿਨ ਕੁਮਾਰ ਨੂੰ ਹੋਇਆ ਤਾਂ ਉਸ ਦੇ ਪੈਰਾਂ ਹੇਠੋਂ ਜ਼ਮੀਨ ਨਿਕਲ ਗਈ। ਉਸ ਨੇ ਤੁਰੰਤ ਇਸ ਦੀ ਸੂਚਨਾ ਹਰਜਿੰਦਰ ਸਿੰਘ ਚੰਦੀ ਨੂੰ ਉਨ੍ਹਾਂ ਦੇ ਫੋਨ ਤੇ ਦਿੱਤੀ ਤਾਂ ਚੰਦੀ ਸਾਹਬ ਨੇ ਹੌਂਸਲਾ ਦਿੰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਦੀ ਰਕਮ ਉਨ੍ਹਾਂ ਨੂੰ ਵਾਪਸ ਟਰਾਸਫਰ ਕਰ ਰਹੇ ਹਨ। ਸਚਿਨ ਕੁਮਾਰ ਨੇ ਪੱਤਰਕਾਰਾਂ ਨਾਲ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਯਕੀਨ ਨਹੀਂ ਆ ਰਿਹਾ ਕਿ ਅੱਜ ਵੀ ਸੰਸਾਰ ਵਿਚ ਇਸ ਤਰਾਂ ਦੇ ਵਿਅਕਤੀ ਹਨ ਜੋ ਇਮਾਨਦਾਰੀ ਦੀ ਮਿਸਾਲ ਹਨ। ਹਰਜਿੰਦਰ ਸਿੰਘ ਚੰਦੀ ਵੱਲੋਂ ਦਿਖਾਈ ਇਮਾਨਦਾਰੀ ਲਈ ਡੇਰਾ ਬਾਬਾ ਮਹਾਰਾਜ ਸਿੰਘ ਸ਼ਹੀਦਾਂ ਦੇ ਮੁੱਖੀ ਬਾਬਾ ਰਾਜ ਸਿੰਘ, ਬੀਕੇਯੂ ਪੰਜਾਬ ਦੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ, ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਗੋਬਿੰਦਪੁਰ, ਕੋਰ ਕਮੇਟੀ ਮੈਂਬਰ ਨਰਿੰਦਰ ਸਿੰਘ ਬਾਜਵਾ, ਸੂਬਾ ਮੈਂਬਰ ਸਤਨਾਮ ਸਿੰਘ ਲੋਹਗੜ੍ਹ, ਜ਼ਿਲ੍ਹਾ ਵਾਈਸ ਪ੍ਰਧਾਨ ਸੋਢੀ ਸਿੰਘ, ਹਿੰਦ ਕਿਸਾਨ ਸਭਾ ਆਗੂ ਸੰਦੀਪ ਅਰੋੜਾ, ਬੀਕੇਯੂ ਦੁਆਬਾ ਦੇ ਕਸ਼ਮੀਰ ਸਿੰਘ ਪੰਨੂ, ਅਦਿ ਕਿਸਾਨ ਯੂਨੀਅਨ ਤੋਂ ਇਲਾਵਾ ਧਾਰਮਿਕ ਸੰਸਥਾਵਾਂ ਦੇ ਮੁੱਖੀਆਂ ਅਤੇ ਮਹਿਤਪੁਰ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਬਰਜਿੰਦਰ ਸਿੰਘ ਕੰਗ ਤੋਂ ਇਲਾਵਾ ਪੱਤਰਕਾਰ ਭਾਈਚਾਰੇ ਵਲੋਂ ਵੀ ਭਰਭੂਰ ਸ਼ਲਾਘਾ ਕੀਤੀ ਗਈ। ਜ਼ਿਕਰਯੋਗ ਹੈ ਕਿ ਚੰਦੀ ਜਨਰਲ ਸਟੋਰ ਮਹਿਤਪੁਰ ਦੇ ਮਾਲਕ ਹਰਜਿੰਦਰ ਸਿੰਘ ਚੰਦੀ ਪਹਿਲਾਂ ਵੀ ਅਨੇਕਾਂ ਵਾਰ ਅਜਿਹੇ ਕੰਮਾਂ ਲਈ ਇਮਾਨਦਾਰੀ ਦੀ ਮਿਸਾਲ ਰਹੇ ਹਨ।

## ਹੁਸ਼ਿਆਰਪੁਰ ਇੰਕਲੇਵ ਦੀ ਮੇਨ ਸੜਕ ਬਣਨ ਲਈ 27 ਲੱਖ ਰੁਪਏ ਜਾਰੀ

# ਸ਼ਹਿਰ ਦੇ ਵਿਕਾਸ ਦਾ ਇਹ ਸਫਰ ਜਾਰੀ ਰਹੇਗਾ: ਡਾ. ਰਾਜ ਕੁਮਾਰ ਚੱਬੇਵਾਲ

**ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਵਿਕਾਸ ਲਈ ਉਹ ਹਰ ਸੰਭਵ ਯਤਨ ਕਰ ਰਹੇ ਹਨ। ਉਨ੍ਹਾਂ ਕਿਹਾ, "ਇਲਾਕੇ ਦੀਆਂ ਬੁਨਿਆਦੀ ਸੁਵਿਧਾਵਾਂ ਵਿੱਚ ਸੁਧਾਰ ਕਰਨਾ ਸਾਡੀ ਪਹਿਲੀ ਤਰਜੀਹ ਹੈ। ਇਹ ਸੜਕ ਸਿਰਫ਼....**



**ਹੁਸ਼ਿਆਰਪੁਰ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਇੰਕਲੇਵ ਵੈਲਫੇਅਰ ਐਸੋਸੀਏਸ਼ਨ ਅਤੇ ਪਿੰਡ ਕਕੋਂ ਦੀ ਪੰਚਾਇਤ ਦੀ ਬੇਨਤੀ ਨੂੰ ਪਰਵਾਨ ਕਰਦੇ ਹੋਏ, ਸ਼੍ਰੀਮਤੀ ਕਰਮਜੀਤ ਕੌਰ, ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਚੇਅਰਪਰਸਨ, ਜ਼ਿਲ੍ਹਾ ਯੋਜਨਾ ਬੋਰਡ, ਦੀ ਕੋਸ਼ਿਸ਼ਾਂ ਸਦਕਾ ਮਾਣਯੋਗ ਮੈਂਬਰ ਪਾਰਲੀਮੈਂਟ, ਡਾ. ਰਾਜ ਕੁਮਾਰ ਚੱਬੇਵਾਲ ਅਤੇ ਕੈਬਿਨੇਟ ਮੰਤਰੀ ਨੇ ਐਮ.ਪੀ. ਲੈਡ ਫੰਡ ਵਿੱਚੋਂ ਹੁਸ਼ਿਆਰਪੁਰ ਇੰਕਲੇਵ ਦੀ ਮੇਨ ਸੜਕ ਦੇ ਨਿਰਮਾਣ ਲਈ 27 ਲੱਖ ਰੁਪਏ ਜਾਰੀ ਕਰ ਦਿੱਤੇ ਹਨ। ਇਸ ਸੰਬੰਧ ਵਿੱਚ ਪੀ.ਡਬਲਯੂ.ਡੀ. ਵਿਭਾਗ ਨੂੰ ਹੁਕਮ ਦਿੱਤੇ ਗਏ ਹਨ ਕਿ ਕੰਮ ਜਲਦੀ ਤੋਂ ਜਲਦੀ ਸ਼ੁਰੂ ਕੀਤਾ ਜਾਵੇ ਤਾਂ ਕਿ ਇਲਾਕੇ ਦੇ ਵਸਨੀਕਾਂ ਨੂੰ ਆਉਣ-ਜਾਣ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਛੁਟਕਾਰਾ ਮਿਲ ਸਕੇ। ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਵਿਕਾਸ ਲਈ ਉਹ ਹਰ ਸੰਭਵ ਯਤਨ ਕਰ ਰਹੇ ਹਨ। ਉਨ੍ਹਾਂ ਕਿਹਾ, "ਇਲਾਕੇ ਦੀਆਂ ਬੁਨਿਆਦੀ ਸੁਵਿਧਾਵਾਂ ਵਿੱਚ ਸੁਧਾਰ ਕਰਨਾ ਸਾਡੀ ਪਹਿਲੀ ਤਰਜੀਹ ਹੈ। ਇਹ ਸੜਕ ਸਿਰਫ਼ ਆਵਾਜਾਈ ਲਈ ਹੀ ਨਹੀਂ, ਸਗੋਂ ਹਰੀਕ ਵਸਨੀਕ ਦੀ ਬਿਹਤਰ ਜ਼ਿੰਦਗੀ ਲਈ ਵੀ ਮਹੱਤਵਪੂਰਨ ਹੈ। ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨੇ ਵੀ ਲੋਕਾਂ ਨੂੰ ਭਰੋਸਾ ਦਵਾਇਆ ਕਿ "ਆਮ ਆਦਮੀ ਪਾਰਟੀ" ਦੀ ਸਰਕਾਰ ਇਲਾਕੇ ਦੇ ਹਰ ਕੋਨੇ ਵਿੱਚ ਵਿਕਾਸ ਕਾਰਜ ਲੈ ਕੇ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਨਵੀਂ ਸੜਕ ਇਲਾਕੇ ਦੀ ਆਵਾਜਾਈ ਵਿਵਸਥਾ ਵਿੱਚ ਆ ਰਹੀਆਂ ਦਿੱਕਤਾਂ ਨੂੰ ਦੂਰ ਕਰੇਗੀ ਅਤੇ ਆਸਪਾਸ ਦੇ ਵਸਨੀਕਾਂ ਲਈ ਆਸਾਨੀ ਪੈਦਾ ਕਰੇਗੀ। ਇਲਾਕਾ ਨਿਵਾਸੀਆਂ ਵੱਲੋਂ ਸਰਪੰਚ ਅਨੀਤਾ ਰਾਣੀ ਅਤੇ ਸੀਨੀਅਰ ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ ਨੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ, ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਅਤੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਰਕਮ ਜਾਰੀ ਹੋਣ ਨਾਲ ਇਲਾਕੇ ਦੀ ਇੱਕ ਪੁਰਾਣੀ ਮੰਗ ਪੂਰੀ ਹੋਈ ਹੈ। ਸੀਨੀਅਰ ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ ਨੇ ਵੀ ਸਰਕਾਰ ਅਤੇ ਸੰਬੰਧਿਤ ਵਿਭਾਗਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ, "ਸਾਡੀ ਕੋਸ਼ਿਸ਼ ਰਹੇਗੀ ਕਿ ਹੁਸ਼ਿਆਰਪੁਰ ਦੇ ਹੋਰ ਵੀਕਾਸ ਕਾਰਜਾਂ ਨੂੰ ਵੀ ਜਲਦੀ ਲਾਗੂ ਕਰਵਾਇਆ ਜਾਵੇ।" ਉਨ੍ਹਾਂ ਕਿਹਾ ਕਿ ਇਲਾਕੇ ਦੀ ਬੁਨਿਆਦੀ ਵਿਵਸਥਾ ਵਿੱਚ ਸੁਧਾਰ ਕਰਨ ਲਈ ਇਹ ਇੱਕ ਵੱਡਾ ਕਦਮ ਹੈ। ਹੁਸ਼ਿਆਰਪੁਰ ਇੰਕਲੇਵ ਅਤੇ ਪਿੰਡ ਕਕੋਂ ਦੇ ਵਸਨੀਕਾਂ ਵਿੱਚ ਵੀ ਇਹ ਖ਼ਬਰ ਸੁਣ ਕੇ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ। ਪ੍ਰਧਾਨ ਜਸਵਿੰਦਰ ਸਿੰਘ, ਸਕੱਤਰ ਨਰਿੰਦਰ ਸਿੰਘ ਸੈਣੀ, ਰਜਨੀਸ਼ ਕੁਮਾਰ ਗੁਲਿਆਨੀ ਨੇ ਉਮੀਦ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀਕਾਸ ਪ੍ਰੋਜੈਕਟ ਵੀ ਲਾਗੂ ਹੋਣਗੇ।

ਹੁਸ਼ਿਆਰਪੁਰ ਦੇ ਲੋਕਾਂ ਨੂੰ ਇਹ ਯਕੀਨ ਦਵਾਇਆ ਗਿਆ ਕਿ ਇਲਾਕੇ ਵਿੱਚ ਹੋਰ ਵੀ ਨਵੇਂ ਪਰੋਜੈਕਟ ਲੈ ਕੇ ਆਉਣ ਦੀ ਯੋਜਨਾ ਬਣਾਈ ਜਾ ਰਹੀ ਹੈ। "ਸਾਡਾ ਮੁੱਖ ਉਦੇਸ਼ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਦੀ ਆਸਾਨੀ ਹੈ। ਕਰਮਜੀਤ ਕੌਰ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਚੇਅਰਪਰਸਨ, ਜ਼ਿਲ੍ਹਾ ਯੋਜਨਾ ਬੋਰਡ ਦੇ ਇਸ ਫੈਸਲੇ ਨੇ ਇਲਾਕੇ ਵਿੱਚ ਇੱਕ ਨਵੇਂ ਵਿਕਾਸ ਅਧਿਆਇ ਦੀ ਸ਼ੁਰੂਆਤ ਕਰ ਦਿੱਤੀ ਹੈ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਤਰਨ ਤਾਰਨ ਪੁਲਿਸ ਵੱਲੋਂ ਵੱਡੀ ਕਾਰਵਾਈ

# ਡੀ.ਆਈ. ਜੀ. ਹਰਮਨਬੀਰ ਸਿੰਘ ਗਿੱਲ ਅਤੇ ਐਸ. ਐਸ. ਪੀ.ਅਭਿਮਨਿਊ ਰਾਣਾ ਦੀ ਅਗਵਾਈ ਹੇਠ ਜ਼ਿਲੇ ਦੇ ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਕੀਤੀ ਗਈ ਛਾਪੇਮਾਰੀ





**ਨਸ਼ਾ ਤਸਕਰਾਂ ਦਾ ਪਤਾ ਲਗਾਉਣ ਅਤੇ ਗ੍ਰਿਫ਼ਤਾਰ ਕਰਨ ਦੀ ਤਹਿਤ 1 ਤੋਂ 31 ਮਾਰਚ 2025 ਤੱਕ ਉਲੀਕੀ ਗਈ ਯੁੱਧ ਨਸ਼ਿਆਂ ਵਿਰੁੱਧ ਯੋਜਨਾ**

**ਤਰਨ ਤਾਰਨ, 1 ਮਾਰਚ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਅੱਜ ਤਰਨ ਤਾਰਨ ਪੁਲਿਸ ਵੱਲੋਂ ਜ਼ਿਲੇ ਦੇ ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਡੀ. ਆਈ. ਜੀ. ਸ੍ਰੀ ਹਰਮਨਬੀਰ ਸਿੰਘ ਗਿੱਲ ਅਤੇ ਐਸ. ਐਸ. ਪੀ. ਸ੍ਰੀ ਅਭਿਮਨਿਊ ਰਾਣਾ ਦੀ ਅਗਵਾਈ ਹੇਠ ਛਾਪੇਮਾਰੀ ਕੀਤੀ ਗਈ। ਇਸ ਮੌਕੇ ਡੀ. ਆਈ. ਜੀ. ਸ੍ਰੀ ਹਰਮਨਬੀਰ ਸਿੰਘ ਗਿੱਲ ਅਤੇ ਐਸ. ਐਸ. ਪੀ. ਸ੍ਰੀ ਅਭਿਮਨਿਊ ਰਾਣਾ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਡੀ ਜੀ ਪੀ ਸ੍ਰੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ ਹੇਠ ਤਰਨ ਤਾਰਨ ਪੁਲਿਸ ਵੱਲੋਂ ਜ਼ਿਲੇ ਦੇ ਨਸ਼ਾ ਪ੍ਰਭਾਵਿਤ ਇਲਾਕਿਆਂ ਅੰਦਰ ਛਾਪੇਮਾਰੀ ਕਰਕੇ ਸ਼ੱਕੀ ਵਿਅਕਤੀਆਂ ਤੋਂ ਪੁੱਛ-ਗਿੱਛ ਕੀਤੀ ਗਈ, ਉੱਥੇ ਹੀ ਵਾਹਨਾਂ ਦੀ ਜਾਂਚ ਵੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਤਰਨ ਤਾਰਨ ਸ਼ਹਿਰ ਵਿਖੇ ਮੁਹੱਲਾ ਮੁਰਾਦਪੁਰਾ ਅਤੇ ਜ਼ਿਲੇ ਵਿੱਚ ਵੱਖ-ਵੱਖ ਥਾਵਾਂ 'ਤੇ ਸ਼ੱਕੀਆਂ ਦੀ ਤਲਾਸ਼ੀ ਦੇ ਨਾਲ-ਨਾਲ ਪੁਲਿਸ ਵੱਲੋਂ ਸ਼ੱਕੀ ਥਾਵਾਂ ਦੀ ਵੀ ਜਾਂਚ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਨਸ਼ਾ ਤਸਕਰਾਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੁਹਿੰਮ ਦੇ ਤਹਿਤ 01 ਮਾਰਚ ਤੋਂ 31 ਮਾਰਚ 2025 ਤੱਕ "ਯੁੱਧ ਨਸ਼ਿਆਂ ਵਿਰੁੱਧ" ਯੋਜਨਾ ਉਲੀਕੀ ਗਈ ਹੈ। ਇਸ ਮੁਹਿੰਮ ਨੂੰ ਨਤੀਜਾ-ਮੁਖੀ ਬਣਾਉਣ ਲਈ ਪੁਲਿਸ ਅਧਿਕਾਰੀਆਂ ਨੂੰ ਵਿਸ਼ੇਸ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਹਨਾਂ ਦੱਸਿਆ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਮੁੱਖ ਸਥਾਨਾਂ 'ਤੇ ਵਿਸ਼ੇਸ ਨਾਕੇ ਲਗਾਏ ਜਾਣਗੇ। ਇਸ ਤੋਂ ਇਲਾਵਾ ਨਸ਼ਾ ਵਿਰੋਧੀ ਮੀਟਿੰਗਾਂ ਕਰਕੇ ਲੋਕਾਂ ਨੂੰ ਇਸ ਮੁਹਿੰਮ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ੇਲ੍ਹਾਂ, ਕੈਮਿਸਟ ਸਟੋਰਜ਼ ਅਤੇ ਵਾਹਨਾਂ ਦੀ ਜਾਂਚ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਰਾਤ ਦੀ ਤਾਇਨਾਤੀ ਦੇ ਨਾਲ 70% ਫੋਰਸ ਲਾਮਬੰਦ ਕੀਤੀ ਗਈ ਹੈ। ਉਹਨਾਂ ਦੱਸਿਆ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਅੱਜ 07 ਐਫ. ਆਈ. ਆਰ. ਦਰਜ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਇੱਕ ਮੁਕਾਬਲੇ ਦੀ ਐਫ. ਆਈ. ਆਰ. ਵੀ ਸ਼ਾਮਲ ਹੈ।

## ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਦਾ 2 ਦਸੰਬਰ 2024 ਵਾਲੇ ਫੈਸਲੇ ਤੇ ਅਟੱਲ ਰਹਿਣਾ ਸਲਾਂਘਾਯੋਗ:ਚੇਅਰਮੈਨ ਭੋਮਾ



**ਨਵੀਂ ਦਿੱਲੀ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਦੀ ਸਲਾਂਘਾ ਕਰਦਿਆਂ ਕਿਹਾ ਕਿ ਜਥੇਦਾਰ ਸਾਹਿਬ ਅਕਾਲੀ ਫੂਲਾ ਸਿੰਘ ਵਾਂਗ ਆਪਣੇ ਫੈਸਲੇ ਤੇ ਅਟੱਲ ਰਹੇ ਹਨ। ਜਥੇਦਾਰ ਸ਼੍ਰੀ ਅਕਾਲ ਤਖ਼ਤ ਸਾਹਿਬ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਹਸਤੀ ਅਜ਼ਾਦ ਹੈ ਅਤੇ ਕਿਸੇ ਦੁਨਿਆਵੀ ਤਾਕ.ਤ ਤੇ ਤਖ਼ਤ ਦੇ ਅਧੀਨ ਨਹੀਂ। ਜਥੇਦਾਰ ਸਾਹਿਬ ਨੇ ਬਾਦਲ ਅਕਾਲੀ ਦਲ ਨੂੰ ਬਹੁਤ ਸਮਾਂ ਦਿੱਤਾ ਕਿ ਉਹ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਕਬੂਲ ਕਰ ਲੈਣ ਪਰ ਅਕਾਲੀ ਦਲ ਬਾਦਲ ਦੇ ਉੱਪਰ ਹੰਕਾਰ ਤੇ ਪੰਥ ਵਿਰੋਧੀ ਤਾਕਤਾਂ ਨੇ ਘੇਰਾ ਘੱਤਿਆ ਹੋਇਆਂ ਹੈ। ਜਥੇਦਾਰ ਸਾਹਿਬ ਉੱਤੇ ਕਈ ਪ੍ਰਕਾਰ ਦੇ ਦਬਾਅ ਪਾਏ ਗਏ ਕਿ ਉਹ ਆਪਣੇ ਫੈਸਲੇ ਵਿੱਚ ਇਸ ਫੇਰ ਬਦਲ ਕਰਨ ਪਰ ਸਿੰਘ ਸਾਹਿਬ ਇਨ ਬਿਨ 2 ਦਸੰਬਰ 2024 ਨੂੰ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਕੀਤੇ ਹੁਕਮ ਨੂੰ ਮਨਾਉਣ ਵਿੱਚ ਅੜੇ ਹਨ। ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਸੇਵਾ ਮੁਕਤ ਕਰਨ ਤੋਂ ਬਾਅਦ ਸਭ ਨੂੰ ਲੱਗਦਾ ਸੀ ਕਿ ਜਥੇਦਾਰ ਸਾਹਿਬ ਉੱਤੇ ਦਬਾਅ ਪਾ ਕੇ ਉਹਨਾਂ ਕੋਲੋਂ ਫੈਸਲਾ ਬਦਲਾਇਆ ਜਾ ਸਕਦਾ ਹੈ। ਪਰ ਜਥੇਦਾਰ ਸਾਹਿਬ ਦੇ ਇੱਕ ਪ੍ਰੈਸ ਨੂੰ ਦਿੱਤੇ ਬਿਆਨ ਨੇ ਸਾਰੀਆਂ ਸਿੱਖ ਸੰਗਤਾਂ ਵਿੱਚ ਮੁੜ ਹੌਸਲਾ ਤੇ ਵਿਸ਼ਵਾਸ ਪੈਦਾ ਕਰ ਦਿੱਤਾ ਹੈ। ਜਿਸ ਤਰ੍ਹਾਂ ਜਥੇਦਾਰ ਸਾਹਿਬ ਨੇ ਅਕਾਲੀ ਦਲ ਬਾਦਲ ਵੱਲੋਂ ਆਪਣੇ ਆਪ ਅਕਾਲੀ ਦਲ ਦੀ ਕੀਤੀ ਭਰਤੀ ਨੂੰ ਰੱਦ ਕਰਦਿਆਂ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬਣਾਈ ਪੰਜ ਮੈਂਬਰੀ ਕਮੇਟੀ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਕਰਨ ਦਾ ਆਦੇਸ਼ ਦਿੱਤਾ ਗਿਆ ਇਸ ਤੋਂ ਭਾਵ ਹੈ ਕਿ ਜਥੇਦਾਰ ਸਾਹਿਬ ਪੂਰੀ ਤਰ੍ਹਾਂ ਦਬਾਅ ਮੁਕਤ ਹਨ। ਉਹਨਾਂ ਕਿਹਾ ਕਿ ਬਾਦਲਾਂ ਦਾ ਪੰਥਕ ਚੋਲ਼ਾ ਜਥੇਦਾਰ ਸਾਹਿਬ ਨੇ ਪੰਥ ਦੀ ਕਚਹਿਰੀ ਵਿੱਚ ਲਾਹ ਦਿੱਤਾ ਹੈ। ਉਹਨਾਂ ਨੂੰ ਹੁਣ ਪੰਥਕ ਕਹਾਉਣ ਦਾ ਕੋਈ ਹੱਕ ਨਹੀਂ ਰਿਹਾ।

## ਕਰੀਮਪੁਰੀ ਦੀ ਅਗਵਾਈ 'ਚ ਬਸਪਾ ਵੱਲੋਂ ਲੋਕ ਹਿੱਤਾਂ ਲਈ ਛੇੜੇ ਸ਼ੰਘਰਸ਼ ਨਾਲ ਸਰਕਾਰ ਦੀ ਨੀਂਦ ਖੁੱਲੀ



**ਹੁਸ਼ਿਆਰਪੁਰ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਡਾ ਅਵਤਾਰ ਸਿੰਘ ਕਰੀਮਪੁਰੀ ਦੇ ਬਸਪਾ ਪੰਜਾਬ ਦੀ ਪ੍ਰਧਾਨਗੀ ਸੰਭਾਲਣ ਤੋਂ ਬਾਅਦ ਜਿਸ ਢੰਗ ਨਾਲ ਲੋਕ ਹਿੱਤਾਂ ਨੂੰ ਲੈ ਸੰਘਰਸ਼ ਸ਼ੁਰੂ ਕੀਤਾ ਅਤੇ ਬੇਰੁਜ਼ਗਾਰੀ, ਮਹਿੰਗਾਈ, ਨਸ਼ਿਆਂ ਨਾਲ ਹਰ ਰੋਜ ਹੋ ਰਹੀਆਂ ਮੌਤਾਂ, ਨਜਾਇਜ ਮਾਈਨਿੰਗ, ਪੰਜਾਬ ਅੰਦਰ ਦਲਿਤਾਂ ਤੇ ਹੋ ਰਹੇ ਅਤਿਆਚਾਰ, ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ, ਐਸ ਕਮਿਸ਼ਨ ਦਾ ਮੁੱਦਾ, ਪੰਜਾਬ ਦੀ ਆਰਥਿਕ ਕੰਗਾਲੀ ਆਦਿ ਅਨੇਕਾਂ ਮੁੱਦਿਆਂ ਤੇ ਸੰਘਰਸ਼ ਤੇਜ ਕਰਨ ਤੋਂ ਬਾਦ ਤਿੰਨ ਸਾਲ ਬੀਤ ਜਾਣ ਤੇ ਸਰਕਾਰ ਦੀ ਨੀਂਦ ਖੁੱਲ ਗਈ ਹੈ ਅਤੇ ਸਰਕਾਰ ਬਣਨ ਦੇ ਤਿੰਨ ਮਹੀਨੇ ਅੰਦਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਐਲਾਨ ਕਰਨ ਵਾਲੀ ਸਰਕਾਰ ਨੇ ਤਿੰਨ ਸਾਲ ਬਾਅਦ ਨਸ਼ਾ ਸੌਦਾਗਰਾਂ ਖਿਲਾਫ ਮੁਹਿੰਮ ਛੇੜ ਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੀ ਯਾਦ ਆਈ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਜਲੰਧਰ, ਬੰਗਾ, ਫਿਲੌਰ, ਨਕੋਦਰ, ਬਲਾਚੌਰ, ਚੰਡੀਗੜ੍ਹ ਸਟੇਟ ਯੂਟੀ ਵਿਖੇ ਭਾਰੀ ਇਕੱਠਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਿੱਲੀ ਵਾਂਗ ਡੁੱਬਦੀ ਬੇੜੀ ਦੇਖ ਕੇ ਪੰਜਾਬ ਸਰਕਾਰ ਨੂੰ ਨਸ਼ਿਆਂ ਨਾਲ ਪੰਜਾਬ ਦੀ ਜਵਾਨੀ ਦੀ ਹੋ ਰਹੀ ਬਰਬਾਦੀ ਦਿਸਣ ਲੱਗੀ ਹੈ, ਪਰ ਤਿੰਨ ਸਾਲ ਅੰਦਰ ਪੰਜਾਬ ਦੇ ਨੌਜਵਾਨਾਂ ਦੀਆਂ ਨਸ਼ਿਆਂ ਕਾਰਨ ਹੋਈਆਂ ਅਣਗਿਣਤ ਮੌਤਾਂ ਦਾ ਹਿਸਾਬ ਸਰਕਾਰ ਨੂੰ 2027 ਵਿੱਚ ਪੰਜਾਬ ਦੀ ਜਨਤਾ ਨੂੰ ਦੇਣਾ ਪਵੇਗਾ। ਉਨਾਂ ਕਿਹਾ ਬਸਪਾ 15 ਮਾਰਚ ਨੂੰ ਫਗਵਾੜਾ ਵਿਖੇ ਪੰਜਾਬ ਸੰਭਾਲੋ ਵਡੀ ਰੈਲੀ ਕਰਕੇ ਨਸ਼ਿਆਂ ਤੋਂ ਮਾਵਾਂ ਦੇ ਪੁੱਤ ਬਚਾਉਣ ਲਈ, ਪੰਜਾਬ ਨੂੰ ਆਰਥਿਕ, ਸਿਹਤ ਤੇ ਵਿੱਦਿਅਕ ਤੌਰ ਤੇ ਮਜਬੂਤ ਬਣਾਉਣ ਲਈ ਪੰਜਾਬ ਦੇ ਲੋਕਾਂ ਨੂੰ ਲਾਮਬੰਦ ਕਰਕੇ ਵੱਡਾ ਅੰਦੋਲਨ ਆਰੰਭ ਕਰੇਗੀ। ਉਨਾਂ ਕਿਹਾ ਪੰਜਾਬ ਲਈ ਵਿਦੇਸ਼ਾਂ 'ਚ ਰੁਜ਼ਗਾਰ ਦੇ ਦਰਬਾਜੇ ਬੰਦ ਹੋ ਰਹੇ ਹਨ, ਛੇ ਛੇ ਮਹੀਨੇ ਜੰਗਲਾਂ ਵਿਚ ਭੁੱਖੇ ਥਿਹਾਏ ਰਹਿ ਕੇ ਜ਼ਮੀਨਾਂ, ਘਰ ਵੇਚ 50-50 ਲੱਖ ਖਰਚ ਕੇ ਰੁਜ਼ਗਾਰ ਲਈ ਵਿਦੇਸ਼ ਪਹੁੰਚੇ ਪੰਜਾਬੀਆਂ ਨੂੰ ਕੜੀਆਂ ਪੈਰਾਂ 'ਚ ਬੇੜੀਆਂ ਪਾ ਕੇ ਮੁਜਰਮਾਂ ਵਾਂਗ ਲਿਆ ਕੇ ਸੁੱਟਿਆ ਜਾ ਰਿਹਾ ਹੈ ਜਿਸ ਲਈ ਕੇਂਦਰ ਅਤੇ ਪੰਜਾਬ ਸਰਕਾਰ ਜਿੰਮੇਵਾਰ ਹੈ। ਉਨਾਂ ਕਿਹਾ ਆਪ ਪਾਰਟੀ, ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਇਹ ਸਾਰੀਆਂ ਸਾਮੰਤਵਾਦੀ, ਫਿਰਕਾਪ੍ਰਸਤ ਜਾਤੀਵਾਦੀ ਵਿਚਾਰਧਾਰਾ ਵਾਲੀਆਂ ਪਾਰਟੀਆਂ ਬਾਬਾ ਸਾਹਿਬ ਡਾ. ਅੰਬੇਡਕਰ ਦੀ ਵਿਚਾਰਧਾਰਾ ਦੇ ਉਲਟ ਦਲਿਤਾਂ, ਪੱਛੜਿਆਂ ਦੇ ਖਿਲਾਫ ਨੀਤੀਆਂ ਬਣਾਕੇ ਚਲਦੀਆਂ ਹਨ। ਜਿਸਦਾ ਸਬੂਤ ਸਰਕਾਰ ਵਲੌ ਲਗਾਏ ਕਾਰਪੋਰੇਸ਼ਨਾਂ ਦੇ ਮੇਅਰ, ਮੰਡੀ ਬੋਰਡ, ਜਿਲਾ ਪ੍ਰੀਸ਼ਦ ਚੇਅਰਮੈਨ ਲਈ ਦਲਿਤਾਂ,ਪੱਛੜਿਆਂ ਲਈ ਕੋਈ ਥਾਂ ਨਾ ਹੋਣਾ ਹੈ। ਕਰੀਮਪੁਰੀ ਨੇ ਕਿਹਾ ਕਿ ਆਪ ਪਾਰਟੀ ਨੇ ਰਾਖਵਾਂਕਰਨ ਖਤਮ ਕਰਕੇ ਦਲਿਤਾਂ, ਪੱਛੜਿਆਂ ਦਾ ਰਾਜਨੀਤਕ ਕਤਲ ਕੀਤਾ ਹੈ, ਸੱਤ ਰਾਜ ਸਭਾ ਦੀਆਂ ਸੀਟਾਂ ਤੇ ਅਨੁਸੂਚਿਤ ਜਾਤੀ, ਪੱਛੜੇ ਵਰਗ ਨੂੰ ਕੋਈ ਨੁਮਾਇੰਦਗੀ ਨਹੀਂ ਦਿੱਤੀ ਗਈ। ਓਨਾਂ ਕਿਹਾ ਐਸ ਸੀ ਕਮਿਸ਼ਨ ਦੇ ਚੇਅਰਮੈਨ ਦਾ ਅਹੁਦਾ ਅੱਜ ਤਕ ਖਾਲੀ ਹੈ ਜਿਸ ਕਰਕੇ ਅਨੁਸੂਚਿਤ ਜਾਤੀ ਨਾਲ ਪੰਜਾਬ ਅੰਦਰ ਵੱਡੇ ਪੱਧਰ ਤੇ ਧਾਰਮਿਕ, ਸਮਾਜਿਕ ਅਤਿਆਚਾਰ ਹੋ ਰਹੇ ਹਨ ਤੇ ਕੋਈ ਸੁਣਵਾਈ ਨਹੀਂ ਹੋ ਰਹੀ। ਉਨਾਂ ਕਿਹਾ ਇਸਤੋਂ ਇਲਾਵਾ ਮੁੱਖ ਪ੍ਰਸ਼ਾਸ਼ਿਨਕ ਪੋਸਟਾਂ ਤੇ ਵੀ ਅਨੁਸੂਚਿਤ ਜਾਤੀ,ਪੱਛੜੇ ਵਰਗਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਕਰੀਮਪੁਰੀ ਨੇ ਕਿਹਾ ਕਿ ਬਸਪਾ ਬਾਨੀ ਸਾਹਿਬ ਕਾਂਸ਼ੀ ਰਾਮ ਦੇ ਜਨਮ ਦਿਨ ਮੌਕੇ ਦਾਣਾ ਮੰਡੀ ਫਗਵਾੜਾ ਵਿਖੇ ਵਿਸ਼ਾਲ ਇਕੱਠ ਕਰਕੇ ਬਸਪਾ ਵਲੌ ਪੰਜਾਬ ਵਿੱਚ ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ, ਸਰਕਾਰ ਵਲੌ ਅਨੁਸੂਚਿਤ ਜਾਤੀ, ਪਛੜਿਆਂ ਨਾਲ ਸਮਾਜਿਕ ਵਿਤਕਰੇ ਦੇ ਵਿਰੋਧ ਵਿਚ ਸ਼ੁਰੂ ਕੀਤੇ ਅੰਦੋਲਨ ਨੂੰ ਤੇਜ਼ ਕੀਤਾ ਜਾਵੇਗਾ।

## ਹੁਸ਼ਿਆਰਪੁਰ 'ਚ ਓਪਰੇਸ਼ਨ ਕਾਸੋ ਜਾਰੀ, ਐਸ.ਐਸ.ਪੀ. ਦੀ ਅਗਵਾਈ 'ਚ ਸਰਚ

### ਨਸ਼ਾ ਸਮਗਲਰਾਂ ਨੂੰ ਪੂਰੀ ਸਖਤੀ ਨਾਲ ਨਜਿੱਠਿਆ ਜਾਵੇਗਾ

**ਹੁਸ਼ਿਆਰਪੁਰ, 1 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾ 'ਤੇ ਸੂਬੇ ਭਰ ਵਿਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੱਜ ਹੁਸ਼ਿਆਰਪੁਰ ਪੁਲਿਸ ਵਲੋਂ ਜ਼ਿਲ੍ਹੇ ਭਰ ਵਿਚ ਕਾਸੋ ਓਪਰੇਸ਼ਨ ਦੀ ਸ਼ੁਰੂਆਤ ਸਥਾਨਕ ਪੁਲਿਸ ਸਟੇਸ਼ਨ ਤੋਂ ਕੀਤੀ ਗਈ ਜਿਸ ਦੀ ਅਗਵਾਈ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਕੀਤੀ। ਸਿਟੀ ਪੁਲਿਸ ਸਟੇਸ਼ਨ ਤੋਂ ਘੰਟਾ ਘਰ ਇਲਾਕੇ ਵਿਚ ਕਾਸੋ ਓਪਰੇਸ਼ਨ ਚਲਾਉਂਦਿਆਂ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਨਸ਼ਾ ਸਮਗਲਰਾਂ ਅਤੇ ਨਸ਼ਾ ਵੇਚਣ ਵਾਲਿਆਂ ਨੂੰ ਪੂਰੀ ਸਖਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਪੁਲਿਸ ਵਲੋਂ ਪਿਛਲੇ ਸਮਿਆਂ ਦੌਰਾਨ ਨਸ਼ਾ ਸਮਗਲਰਾਂ ਦੀ ਨਸ਼ੇ ਵੇਚ ਕੇ ਬਣਾਈ ਗਈ 20 ਕਰੋੜ ਰੁਪਏ ਤੋਂ ਵੱਧ ਦੀ ਨਾਜਾਇਜ਼ ਜਾਇਦਾਦ ਨੂੰ ਫਰੀਜ਼ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਨਸ਼ਿਆਂ ਦੇ ਸੋਦਾਗਰਾਂ ਖਿਲਾਫ਼ ਪੂਰੀ ਸਖਤੀ ਵਰਤੀ ਜਾਵੇਗੀ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223